


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ ਅਮਨਦੀਪ ਮਹਿਰਾ

ਸੋਮਵਾਰ 19 ਫਰਵਰੀ 2024




ਪੜੋ ਰੋਜ਼ਾਨਾ ਲੋਕ ਬਾਣੀ

R.N.I.Punpun/29016/2008 * ਸਾਲ 15 * ਅੰਕ : 274 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
CONTACT : 95010-00697, 97806-00998

## ਕੇਂਦਰ ਨਾਲ ਮੀਟਿੰਗ ਤੋਂ ਬਾਅਦ ਕਿਸਾਨ ਜਥੇਬੰਦੀਆਂ ਨੇ ਸਾਥੀਆਂ ਨਾਲ ਵਿਚਾਰ ਕਰਨ ਦਾ ਫ਼ੈਸਲਾ ਕੀਤਾ

ਲੋਕ ਬਾਣੀ/ ਚੰਡੀਗੜ੍ਹ, ਵਿਨੋਦ ਸ਼ਰਮਾ

ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਅਜੇ ਕਰਜ਼ ਮੁਕਤੀ, ਸਵਾਮੀਨਾਥਨ ਜੀ ਦੇ ਫ਼ਾਰਮੂਲੇ ਉੱਪਰ, ਗੰਨੇ ਦੀ ਐੱਮ.ਐੱਸ.ਪੀ. ਤੇ ਹੋਰ ਮੰਗਾਂ ਉੱਪਰ ਗੱਲਬਾਤ ਕਰ ਕੇ ਸਿੱਟਾ ਕੱਢਣਾ ਬਾਕੀ ਹੈ। ਬਾਕੀ ਫ਼ਸਲਾਂ ‘ਤੇ $♥♦ ਬਾਰੇ ਉਕਤ ਪ੍ਰਸਤਾਵ ਆਇਆ ਹੈ। ਇਸ ਪ੍ਰਸਤਾਵ ‘ਤੇ ਅਸੀਂ ਆਪਣੇ ਸਾਥੀਆਂ ਨਾਲ ਚਰਚਾ ਕਰਾਂਗੇ ਤੇ ਫਿਰ ਫ਼ੈਸਲਾ ਕਰਾਂਗੇ। ਇਸ ਮਗਰੋਂ ਅਸੀਂ ਸਾਰੇ ਸਾਥੀਆਂ ਤੇ ਮਾਹਿਰਾਂ ਨਾਲ ਗੱਲ ਕਰ ਕੇ ਕੱਲ੍ਹ ਜਾਂ ਪਰਸੋਂ ਆਪਣਾ ਫ਼ੈਸਲਾ ਦੱਸਾਂਗੇ। ਦੋ ਦਿਨ ਅਸੀਂ ਇਸ ਬਾਰੇ ਫ਼ੈਸਲਾ ਦੱਸਾਂਗੇ। ਉਨ੍ਹਾਂ ਕਿਹਾ ਕਿ 21 ਤਰੀਕ ਨੂੰ 11 ਵਜੇ ਦਿੱਲੀ ਜਾਣ ਦਾ ਪ੍ਰੋਗਰਾਮ ਕਾਇਮ ਹੈ। ਜੇ ਸਾਡੀ ਸਹਿਮਤੀ ਨਾ ਬਣੀ ਤਾਂ ਅਸੀਂ ਸਰਕਾਰ ਨੂੰ ਮੰਗ ਕਰਾਂਗੇ ਕਿ ਸਾਨੂੰ ਸ਼ਾਂਤੀਪੂਰਨ ਢੰਗ ਨਾਲ ਦਿੱਲੀ ਜਾਣ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਬਾਕੀ ਸਾਰੀਆਂ ਮੰਗਾਂ ‘ਤੇ ਗੱਲਬਾਤ ਕਰਨੀ ਬਾਕੀ ਹੈ। 19 ਤੇ 20 ਫ਼ਰਵਰੀ ਨੂੰ ਇਸ ਸਭ ਬਾਰੇ ਵਿਚਾਰ ਕਰਾਂਗੇ। ਨਹੀਂ ਤਾਂ 21 ਫ਼ਰਵਰੀ ਨੂੰ ਸ਼ਾਂਤੀਪੂਰਨ ਢੰਗ ਨਾਲ ਦਿੱਲੀ ਜਾਣ ਦੀ ਤਿਆਰੀ ਹੈ।

## ਪੁਲਿਸ ਨਾਲ ਮੁਕਾਬਲੇ ਦੌਰਾਨ ਗੈਂਗਸਟਰ ਕਾਲਾ ਮਾਨ ਧਨੌਲਾ ਦੀ ਹੋਈ ਮੌਤ

ਲੋਕ ਬਾਣੀ/ ਚੰਡੀਗੜ੍ਹ, ਵਿਨੋਦ ਸ਼ਰਮਾ

ਨਾਮੀ ਗੈਂਗਸਟਰ ਗੁਰਮੀਤ ਸਿੰਘ ਉਰਫ਼ ਕਾਲਾ ਮਾਨ ਧਨੌਲਾ ਦਾ ਅੱਜ ਏ.ਜੀ.ਟੀ.ਐਫ. ਦੀ ਅਗਵਾਈ ਹੇਠ ਪੁਲਿਸ ਟੀਮ ਦੁਆਰਾ ਬਡਬਰ ਟੋਲ ਪਲਾਜ਼ਾ ਤੋਂ ਕਰੀਬ ਪੰਜ ਕਿਲੋਮੀਟਰ ਅੱਗੇ ਸੰਗਰੂਰ ਵਾਲੇ ਪਾਸੇ ਇਕ ਫਾਰਮ ਹਾਊਸ ਵਿਚ ਐਨਕਾਊਂਟਰ ਕਰ ਦਿੱਤਾ ਗਿਆ ਹੈ। ਦੱਸਣਯੋਗ ਹੈ ਕਿ ਕਾਲਾ ਮਾਨ ਧਨੌਲਾ ਖ਼ਿਲਾਫ਼ ਪੰਜਾਬ ਅਤੇ ਹੋਰ ਸੂਬਿਆਂ ਵਿਚ ਤਿੰਨ ਦਰਜਨ ਦੇ ਲਗਭਗ ਵੱਖ-ਵੱਖ ਮਾਮਲੇ ਦਰਜ ਸਨ।

## ਪੰਜਾਬ ‘ਚ ਸੰਯੁਕਤ ਕਿਸਾਨ ਮੋਰਚਾ ਕਰੇਗਾ 20.21.22 ਨੂੰ ਭਾਜਪਾ ਦੇ ਆਗੂਆਂ ਦਾ ਘਿਰਾਓ

ਲੋਕ ਬਾਣੀ/ ਲੁਧਿਆਣਾ, ਸੁਖਚੈਨ ਮਹਿਰਾ

– ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਅਤੇ ਸਵਾਮੀਨਾਥਨ ਕਮੇਟੀ ਦੀ ਰਿਪੋਰਟ ਨੂੰ ਲਾਗੂ ਕਰਨ ਆਦਿ ਮੰਗਾਂ ਨੂੰ ਲੈ ਕੇ ਕਿਸਾਨਾਂ ਵਲੋਂ ਕੀਤੇ ਜਾ ਰਹੇ ਅੰਦੋਲਨ ਵਿਚਕਾਰ ਲੁਧਿਆਣਾ ਵਿਖੇ ਸੰਯੁਕਤ ਕਿਸਾਨ ਮੋਰਚਾ ਦੇ ਬੈਨਰ ਹੇਠ ਪੰਜਾਬ ਦੀਆਂ 32 ਜਥੇਬੰਦੀਆਂ ਨਾਲ ਮੀਟਿੰਗ ਦੌਰਾਨ 20, 21 ਅਤੇ 22 ਫਰਵਰੀ ਨੂੰ ਧਰਨਾ ਦੇਣ ਦਾ ਫ਼ੈਸਲਾਕੀਤਾ ਗਿਆ ਹੈ ਕਿ ਸੂਬੇ ਦੇ ਸਾਰੇ ਭਾਜਪਾ ਆਗੂਆਂ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ। ਇਨ੍ਹਾਂ ਤਿੰਨਾਂ ਦਿਨਾ ‘ਚ ਸੂਬੇ ਦੇ ਸਾਰੇ ਟੋਲ ਪਲਾਜ਼ਾ ਵੀ ਮੁਫ਼ਤ ਕਰ ਦਿੱਤੇ ਜਾਣਗੇ। ਹਾਲਾਂਕਿ ਡੇਰਾ ਬੱਲਾਂ ਦੇ ਮੁਖੀ ਦੀ ਅਪੀਲ ‘ਤੇ ਸ੍ਰੀ ਗੁਰੂ ਰਵਿਦਾਸ ਜੈਅੰਤੀ ਦੇ ਮੱਦੇਨਜ਼ਰ ਇਸ ਦੌਰਾਨ ਰੇਲ ਗੱਡੀਆਂ ਨੂੰ ਨਹੀਂ ਰੋਕਿਆ ਜਾਵੇਗਾ। ਇਸ ਤੋਂ ਇਲਾਵਾ 22 ਫਰਵਰੀ ਨੂੰ ਦਿੱਲੀ ਵਿਖੇ ਰਾਸ਼ਟਰੀ ਪੱਧਰ ‘ਤੇ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਹੋਵੇਗੀ ਅਤੇ ਇਸ ਦੌਰਾਨ ਦੇਸ਼ ਵਿਆਪੀ ਅੰਦੋਲਨ ਕਰਨ ਦਾ ਫ਼ੈਸਲਾ ਲਿਆ ਜਾਵੇਗਾ।

## ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਇੰਟਰਨੈੱਟ ਸੇਵਾ ਕੀਤੀ ਗਈ ਮੁਅੱਤਲ

ਲੋਕ ਬਾਣੀ/ ਜਲੰਧਰ, ਰਾਕੇਸ਼ ਵਰਮਾ



ਗ੍ਰਿਹ ਮੰਤਰਾਲੇ ਨੇ ਪੰਜਾਬ ਦੇ ਤਿੰਨ ਜ਼ਿਲ੍ਹਿਆਂ ਦੇ ਪਹਿਲਾਂ ਦੇ 11 ਥਾਣਿਆਂ ਤੋਂ ਸੱਤ ਜ਼ਿਲ੍ਹਿਆਂ ਦੇ 20 ਥਾਣਿਆਂ ਤੱਕ ਇੰਟਰਨੈੱਟ ਮੁਅੱਤਲੀ ਦਾ ਵਿਸਥਾਰ ਕਰ ਦਿੱਤਾ ਹੈ। ਨਵੇਂ ਹੁਕਮ 24 ਫਰਵਰੀ ਦੀ ਅੱਧੀ ਰਾਤ ਤੱਕ ਲਾਗੂ ਰਹਿਣਗੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਵੱਲੋਂ ਇੰਟਰਨੈੱਟ ਬੰਦ ਕਰਨ ਦੇ ਹੁਕਮ ਜਾਰੀ ਕਰਨ ਦਾ ਵਿਰੋਧ ਕੀਤਾ ਹੈ।

## ਕੇਂਦਰ ਸਰਕਾਰ ਨੂੰ ਕਿਸਾਨ ਆਗੂ ਡੱਲੇਵਾਲ ਨੇ ਦਿੱਤੀ ਨਸੀਹਤ

ਲੋਕ ਬਾਣੀ/ ਜਲੰਧਰ, ਹਰਬੰਸ ਬਿੱਟੂ



ਕੇਂਦਰ ਸਰਕਾਰ ਚੋਣ ਜ਼ਾਬਤਾ ਲਾਗੂ ਹੋਣ ਤੋਂ ਪਹਿਲਾਂ ਢਿੱਲ-ਮੱਠ ਕਰਕੇ ਕਿਸਾਨਾਂ ਦੀਆਂ ਮੰਗਾਂ ਨੂੰ ਪ੍ਰਵਾਨ ਕਰੇ, ਕਿਸਾਨ ਆਗੂ ਡਾ. ਜਗਜੀਤ ਸਿੰਘ ਡੱਲੇਵਾਲ ਨੇ ਐਤਵਾਰ ਨੂੰ ਇੱਥੇ ਕੇਂਦਰੀ ਮੰਤਰੀਆਂ ਦੇ ਪੈਨਲ ਨਾਲ ਹੋਈ ਮੀਟਿੰਗ ਤੋਂ ਪਹਿਲਾਂ ਕਹੀ। ਲੋਕ ਸਭਾ ਚੋਣਾਂ ਦਾ ਐਲਾਨ ਅਗਲੇ ਮਹੀਨੇ ਹੋਣਾ ਹੈ। ਤਿੰਨ ਕੇਂਦਰੀ ਮੰਤਰੀ ਅਤੇ ਕਿਸਾਨ ਆਗੂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਅਤੇ ਕਿਸਾਨੀ ਕਰਜ਼ਾ ਮੁਆਫੀ ਸਮੇਤ ਆਪਣੀਆਂ ਮੰਗਾਂ ‘ਤੇ ਚਰਚਾ ਕਰਨ ਲਈ ਸ਼ਾਮੀ ਵਜੇ ਇੱਥੇ ਮਿਲਣਗੇ।

## ਪਾਕਿਸਤਾਨ ਵਿੱਚ ਅੱਜ ਹੋਵੇਗੀ ਸਰਕਾਰ ਬਣਾਉਣ ਸਬੰਧੀ ਪੀਐੱਮਐੱਲ ਐਨ ਤੇ ਪੀਪੀਪੀ ਦੀ ਮੀਟਿੰਗ

ਲੋਕ ਬਾਣੀ/ ਇਸਲਾਮਾਬਾਦ,

ਪਾਕਿਸਤਾਨ ਮੁਸਲਿਮ ਲੀਗ-ਨਵਾਜ਼ ਅਤੇ ਪਾਕਿਸਤਾਨ ਪੀਪਲਜ਼ ਪਾਰਟੀ ਵਿਚਾਲੇ ਗੱਠਜੋੜ ਸਰਕਾਰ ਦੇ ਸੱਤਾ ਵੰਡ ਫਾਰਮੂਲੇ ‘ਤੇ ਗੱਲਬਾਤ ਬੇਸਿੱਟਾ ਰਹੀ ਹੈ। ਹਾਲਾਂਕਿ ਦੋਵਾਂ ਧਿਰਾਂ ਨੇ ਚਰਚਾ ਵਿੱਚ ‘ਮਹੱਤਵਪੂਰਨ ਪ੍ਰਗਤੀ’ ਦਾ ਦਾਅਵਾ ਕੀਤਾ ਹੈ। ਇਹ ਜਾਣਕਾਰੀ ਐਤਵਾਰ ਨੂੰ ਇੱਕ ਮੀਡੀਆ ਰਿਪੋਰਟ ਤੋਂ ਸਾਹਮਣੇ ਆਈ ਹੈ। ਦੋਵਾਂ ਪਾਰਟੀਆਂ ਸੱਤਾ ਵੰਡ ਫਾਰਮੂਲੇ ਨੂੰ ਅੰਤਿਮ ਰੂਪ ਦੇਣ ਲਈ ਸੋਮਵਾਰ ਨੂੰ ਦੁਬਾਰਾ ਮਿਲਣ ਦਾ ਫੈਸਲਾ ਕੀਤਾ।

## ਜਾਤੀ-ਅਧਾਰਤ ਸਰਵੇਖਣ ਲਈ ਝਾਰਖੰਡ ਦੇ ਮੁੱਖ ਮੰਤਰੀ ਨੇ ਦਿੱਤੀ ਮਨਜ਼ੂਰੀ


ਲੋਕ ਬਾਣੀ/ ਰਾਂਚੀ

ਝਾਰਖੰਡ ਦੇ ਮੁੱਖ ਮੰਤਰੀ ਚੰਪਈ ਸੋਰੇਨ ਨੇ ਗੁਆਂਢੀ ਸੂਬੇ ਬਿਹਾਰ ਦੀ ਤਰਜ਼ ‘ਤੇ ਸੂਬੇ ਵਿੱਚ ਜਾਤੀ ਆਧਾਰਿਤ ਸਰਵੇਖਣ ਲਈ ਹਰੀ ਝੰਡੀ ਦੇ ਦਿੱਤੀ ਹੈ। ਮੁੱਖ ਮੰਤਰੀ ਨੇ ਅਮਲਾ ਵਿਭਾਗ ਨੂੰ ਇੱਕ ਡਰਾਫਟ ਤਿਆਰ ਕਰਨ ਅਤੇ ਪ੍ਰਵਾਨਗੀ ਲਈ ਮੰਤਰੀ ਮੰਡਲ ਦੇ ਸਾਹਮਣੇ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਅਧਿਕਾਰੀ ਨੇ ਕਿਹਾ ਕਿ ਜੇਕਰ ਸਭ ਕੁਝ ਯੋਜਨਾ ਮੁਤਾਬਕ ਚੱਲਦਾ ਹੈ ਤਾਂ ਲੋਕ ਸਭਾ ਚੋਣਾਂ ਤੋਂ ਬਾਅਦ ਅਭਿਆਸ ਸ਼ੁਰੂ ਹੋ ਜਾਵੇਗਾ। ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਵਿਨੈ ਕੁਮਾਰ ਚੌਬੇ ਨੇ ਪੀਟੀਆਈ ਨੂੰ ਦੱਸਿਆ, ਕਰਮਚਾਰੀ ਵਿਭਾਗ ਝਾਰਖੰਡ ਵਿੱਚ ਸਰਵੇਖਣ ਕਰਨ ਲਈ ਇੱਕ ਮਿਆਰੀ ਸੰਚਾਲਨ ਪ੍ਰਕਿਰਿਆ (ਐਸਓਪੀ) ਤਿਆਰ ਕਰੇਗਾ।

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਦਿੱਲੀ ਤੱਕ ਟਰੈਕਟਰ ਮਾਰਚ !, ਰਾਕੇਸ਼ ਟਿਕੈਤ ਦਾ ਸਰਕਾਰ ਨੂੰ ਸਖਤ ਸੁਨੇਹਾ

ਲੋਕ ਬਾਣੀ



ਭਾਰਤੀ ਕਿਸਾਨ ਯੂਨੀਅਨ (ਬੀਕੇਯੂ) ਦੇ ਆਗੂ ਰਾਕੇਸ਼ ਟਿਕੈਤ ਨੇ ਆਖਿਆ ਹੈ ਕਿ ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ 21 ਫਰਵਰੀ ਨੂੰ ਉੱਤਰ ਪ੍ਰਦੇਸ਼, ਹਰਿਆਣਾ, ਪੰਜਾਬ ਅਤੇ ਉੱਤਰਾਖੰਡ ਵਿੱਚ ਪ੍ਰਦਰਸ਼ਨ ਕਰਨਗੇ।

ਟਿਕੈਤ ਨੇ ਇਹ ਵੀ ਦੱਸਿਆ ਕਿ ਸ਼ਨੀਵਾਰ ਨੂੰ ਇੱਥੇ ਸਿਸੌਲੀ ਵਿੱਚ ਹੋਈ ਪੰਚਾਇਤ ਨੇ ਇੱਕ ਮਤਾ ਪਾਸ ਕੀਤਾ ਹੈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚਾ ਨੂੰ ਕਿਹਾ ਗਿਆ ਹੈ ਕਿ ਜੇਕਰ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ 26 ਅਤੇ 27 ਫਰਵਰੀ ਨੂੰ ਦਿੱਲੀ ਤੱਕ ਟਰੈਕਟਰ ਮਾਰਚ ਕੱਢਿਆ ਜਾਵੇ।

ਪੰਚਾਇਤ ਨੇ ਹਰਿਆਣਾ ਅਤੇ ਪੰਜਾਬ ਵਿੱਚ ਵਾਪਰੀਆਂ ਘਟਨਾਵਾਂ ਦੀ ਵੀ ਨਿਖੇਧੀ ਕੀਤੀ ਹੈ। ਇਹ ਪੰਚਾਇਤ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਕਿਸਾਨਾਂ ਦੇ 'ਦਿੱਲੀ ਚਲੋ' ਮਾਰਚ ਦਰਮਿਆਨ ਹੋਈ।

ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਦੀ ਕਾਨੂੰਨੀ ਗਾਰੰਟੀ ਤੋਂ ਇਲਾਵਾ ਕਿਸਾਨਾਂ ਦੀ ਭਲਾਈ ਲਈ ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਲਾਗੂ ਕਰਨ, ਕਿਸਾਨਾਂ ਅਤੇ ਖੇਤ ਮਜ਼ਦੂਰਾਂ ਲਈ ਪੈਨਸ਼ਨ ਅਤੇ ਕਰਜ਼ਾ ਮੁਆਫ਼ੀ, ਲਖੀਮਪੁਰ ਖੀਰੀ ਹਿੰਸਾ ਦੇ ਪੀੜਤਾਂ ਲਈ ਇਨਸਾਫ਼ ਦੀ ਮੰਗ ਵੀ ਕਰ ਰਹੇ ਹਨ।

ਕੇਂਦਰ ਸਰਕਾਰ 'ਤੇ ਦਬਾਅ ਬਣਾਉਣ ਲਈ ਕਿਸਾਨ ਪੰਜਾਬ ਅਤੇ ਹਰਿਆਣਾ ਦੇ ਦੋ ਸਰਹੱਦੀ ਪੁਆਇੰਟਾਂ 'ਤੇ ਮੌਜੂਦ ਹਨ ਜਿੱਥੇ ਉਨ੍ਹਾਂ ਦੀ ਹਰਿਆਣਾ ਪੁਲਿਸ ਦੇ ਜਵਾਨਾਂ ਨਾਲ ਝੜਪ ਵੀ ਹੋਈ ਅਤੇ ਪੁਲਿਸ ਨੇ ਅੱਥਰੂ ਗੈਸ ਦੇ ਗੋਲੇ ਛੱਡੇ। ਇੱਥੇ ਪੰਚਾਇਤ ਵਿੱਚ ਸ਼ਾਮਲ ਹੋਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਟਿਕੈਤ ਨੇ ਕਿਹਾ ਕਿ ਟਿਕੈਤ ਪਰਿਵਾਰ ਦੇ ਮੈਂਬਰ ਕਿਸਾਨਾਂ ਦੀ ਭਲਾਈ ਲਈ ਕਿਸੇ ਵੀ ਕੁਰਬਾਨੀ ਲਈ ਤਿਆਰ ਹਨ।

ਉਨ੍ਹਾਂ ਇਹ ਵੀ ਦੱਸਿਆ ਕਿ ਸਿਸੌਲੀ ਵਿੱਚ ਹੋਈ ਪੰਚਾਇਤ ਵਿੱਚ ਉੱਤਰ ਪ੍ਰਦੇਸ਼, ਹਰਿਆਣਾ, ਪੰਜਾਬ ਅਤੇ ਉਤਰਾਖੰਡ ਦੇ 30 ਤੋਂ ਵੱਧ ਬੀਕੇਯੂ ਮੈਂਬਰਾਂ ਨੇ ਭਾਗ ਲਿਆ। ਟਿਕੈਤ ਨੇ ਸ਼ੁੱਕਰਵਾਰ ਨੂੰ ਪੱਤਰਕਾਰਾਂ ਨੂੰ ਕਿਹਾ, ਅਸੀਂ ਫਸਲਾਂ ਲਈ ਘੱਟੋ ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ, ਸਵਾਮੀਨਾਥਨ ਕਮੇਟੀ ਦੀ ਰਿਪੋਰਟ ਨੂੰ ਲਾਗੂ ਕਰਨ, ਕਿਸਾਨਾਂ ਦੀ ਕਰਜ਼ਾ ਮੁਆਫੀ ਆਦਿ ਦੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਾਂ।

# ਸਰਕਾਰੀ ਮੁਲਾਜ਼ਮ ਟਰਾਂਸਫਾਰਮਰ ਲਾਉਣ ਬਦਲੇ 40000 ਰੁਪਏ ਰਿਸ਼ਵਤ ਲੈਂਦਾ ਗ੍ਰਿਫਤਾਰ

ਲੋਕ ਬਾਣੀ/ ਗੁਰਦਾਸਪੁਰ



ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਪੀ.ਐਸ.ਪੀ.ਸੀ.ਐਲ. ਦਫਤਰ, ਉਮਰਪੁਰਾ, ਬਲਾਕ ਬਟਾਲਾ, ਜ਼ਿਲਾ ਗੁਰਦਾਸਪੁਰ ਵਿਖੇ ਤਾਇਨਾਤ ਲਾਈਨਮੈਨ ਰਾਜੇਸ਼ ਕੁਮਾਰ ਨੂੰ 40,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਪਿੰਡ ਸੰਗਤਪੁਰਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਦੇ ਵਸਨੀਕ ਮਨਜਿੰਦਰ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਕਿ ਉਹ ਪਿੰਡ ਸੰਗਤਪੁਰਾ ਵਿੱਚ ਵਾਹੀਯੋਗ ਜ਼ਮੀਨ ਦਾ ਮਾਲਕ ਹੈ, ਜਿੱਥੇ ਉਸ ਨੇ ਆਪਣੇ ਟਿਊਬਵੈੱਲ ਦੇ ਨਵੇਂ ਕੁਨੈਕਸ਼ਨ ਲਈ ਨਵਾਂ ਟਰਾਂਸਫਾਰਮਰ ਲਗਾਉਣਾ ਸੀ। ਇਸ ਸਬੰਧੀ ਉਪਰੋਕਤ ਰਾਜੇਸ਼ ਕੁਮਾਰ ਲਾਈਨਮੈਨ ਨੇ 40,000 ਰੁਪਏ ਦੀ ਰਿਸ਼ਵਤ ਲੈ ਲਈ ਪਰ ਉਸ ਨੇ ਟਰਾਂਸਫਾਰਮਰ ਨਹੀਂ ਲਗਾਇਆ। ਜਦੋਂ ਬਿਜਲੀ ਅਧਿਕਾਰੀ ਰਿਸ਼ਵਤ ਦੀ ਮੰਗ ਕਰ ਰਿਹਾ ਸੀ ਤਾਂ ਸ਼ਿਕਾਇਤਕਰਤਾ ਨੇ ਗੱਲਬਾਤ ਰਿਕਾਰਡ ਕਰ ਲਈ ਅਤੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ।

ਵਿਜੀਲੈਂਸ ਬਿਊਰੋ ਰੇਂਜ ਅੰਮ੍ਰਿਤਸਰ ਨੇ ਇਸ ਸ਼ਿਕਾਇਤ ਦੀ ਜਾਂਚ ਕੀਤੀ ਜਿਸ ਦੌਰਾਨ ਦੋਸ਼ ਸਹੀ ਅਤੇ ਸੱਚ ਪਾਏ ਗਏ। ਇਸ ਸਬੰਧੀ ਕਥਿਤ ਦੋਸ਼ੀ ਰਾਜੇਸ਼ ਕੁਮਾਰ ਲਾਈਨਮੈਨ ਦੇ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਤਹਿਤ ਪਰਚਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਨੋਡਲ ਅਫਸਰਾਂ ਨੂੰ ਲੋਕ ਸਭਾ ਚੋਣਾਂ ਸੰਬੰਧੀ ਹਦਾਇਤਾਂ ਜਾਰੀ

ਲੋਕ ਬਾਣੀ/ ਰੂਪਨਗਰ

ਵਧੀਕ ਜ਼ਿਲ੍ਹਾ ਚੋਣ ਅਫਸਰ ਤੇ ਵਧੀਕ ਡਿਪਟੀ ਕਮਿਸ਼ਨਰ (ਜ) ਪੂਜਾ ਸਿਆਲ ਗਰੇਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮੇਟੀ ਰੂਮ ਵਿਖੇ ਆਗਾਮੀ ਲੋਕ ਸਭਾ ਚੋਣਾਂ ਦੇ ਸਬੰਧ ਵਿਚ ਇੱਕ ਉੱਚ ਪੱਧਰੀ ਮੀਟਿੰਗ ਕੀਤੀ।

ਮੀਟਿੰਗ ਦੀ ਅਗਵਾਈ ਕਰਦਿਆਂ ਪੂਜਾ ਸਿਆਲ ਗਰੇਵਾਲ ਨੇ ਜ਼ਿਲ੍ਹੇ ਦੇ 16 ਨੋਡਲ ਅਫਸਰਾਂ ਨੂੰ ਆਗਾਮੀ ਲੋਕ ਸਭਾ ਚੋਣਾਂ ਦੇ ਸਬੰਧ ਵਿਚ ਉਨ੍ਹਾਂ ਦੇ ਕੰਮ ਸਬੰਧੀ ਵੇਰਵੇ ਦਿੱਤੇ ਅਤੇ ਹਦਾਇਤ ਕਰਦਿਆਂ ਕਿਹਾ ਕਿ ਉਨ੍ਹਾਂ ਅਧੀਨ ਆਉਂਦੀ ਕਾਰਗੁਜ਼ਾਰੀ ਨੂੰ ਨਿਯਮਾਂ ਅਨੁਸਾਰ ਲਾਗੂ ਕਰਨਾ ਯਕੀਨੀ ਕੀਤਾ ਜਾਵੇ ਅਤੇ ਭਾਰਤ ਚੋਣ ਕਮਿਸ਼ਨ ਵਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਇੰਨ-ਬਿਨ ਕੀਤੀ ਜਾਵੇ।

ਉਨ੍ਹਾਂ ਅਸਿਸਟੈਂਟ ਰਿਟਰਨਿੰਗ ਅਫਸਰ (ਏ.ਆਰ.ਓਜ਼) ਨੂੰ ਸੋਮਵਾਰ ਤੱਕ ਹਰ ਸੰਵੇਦਨਸ਼ੀਲ ਅਤੇ ਪ੍ਰਭਾਵਿਤ ਖੇਤਰਾਂ ਦੀ ਮੈਪਿੰਗ ਭੇਜਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਸਮਾਂਬੱਧ ਸੀਮਾ ਵਿਚ ਜਿਥੇ ਵੀ ਜਾਤ-ਧਰਮ ਜਾਂ ਕਿਸੇ ਹੋਰ ਤਰੀਕੇ ਨਾਲ ਵੋਟਰਾਂ ਨੂੰ ਪ੍ਰਭਾਵਿਤ ਕੀਤਾ ਜਾ ਸਕਦਾ ਹੈ ਉਨ੍ਹਾਂ ਇਲਾਕਿਆਂ ਦੀ ਜਾਣਕਾਰੀ ਦੀ ਰਿਪੋਰਟ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਹਰ ਅਸਿਸਟੈਂਟ ਰਿਟਰਨਿੰਗ ਅਫਸਰ ਵਲੋਂ ਹਰ ਬੂਥ ਦੀ ਘੱਟੋ-ਘੱਟ 3 ਵਾਰ ਦੌਰਾ ਕੀਤਾ ਜਾਵੇ ਅਤੇ ਇਹ ਯਕੀਨੀ ਕੀਤਾ ਜਾਵੇ ਕਿ ਹਰ ਬੂਥ ਉਤੇ ਬੀ.ਐਲ.ਓ ਦਾ ਨਾਮ, ਮੋਬਾਇਲ ਨੰਬਰ, ਦਿਵਿਆਂਗਜਨਾਂ ਲਈ ਰੈਂਪ ਅਤੇ ਪੁਰਸ਼ ਤੇ ਮਹਿਲਾਵਾਂ ਲਈ ਵੱਖਰੇ ਤੌਰ ਉਤੇ ਪਖਾਨਿਆਂ ਦੀ ਸੁਵਿਧਾ ਵੀ ਰੱਖੀ ਜਾਵੇ। ਇਸ ਮੌਕੇ ਐਸ.ਡੀ.ਐੱਮ ਨੰਗਲ ਸ਼੍ਰੀਮਤੀ ਅਨਮਜੋਤ ਕੌਰ, ਐਸ.ਡੀ.ਐੱਮ ਅਨੰਦਪੁਰ ਸਾਹਿਬ ਹਰਜੋਤ ਕੌਰ, ਡੀ. ਐਫ.ਓ ਕੁਲਰਾਜ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਰਿੰਦਰਪਾਲ ਸਿੰਘ, ਇਲੈਕਸ਼ਨ ਤਹਿਸੀਲਦਾਰ ਕੁਲਦੀਪ ਸਿੰਘ ਢਿੱਲੋਂ, ਸਵੀਪ ਨੋਡਲ ਅਫਸਰ ਰਣਜੀਤ ਸਿੰਘ, ਜਨਰਲ ਮੈਨੇਜਰ ਰੋਡਵੇਜ਼ ਪਰਮਵੀਰ ਸਿੰਘ, ਜ਼ਿਲ੍ਹਾ ਸੂਚਨਾ ਅਫਸਰ ਐਨ.ਆਈ.ਸੀ. ਯੁਗੇਸ਼ ਕੁਮਾਰ, ਡੀ.ਐਸ.ਐਮ ਰਾਜੀਵ ਕਪੂਰ, ਚੋਣ ਦਫਤਰ ਕਾਨੂੰਗੋ, ਕਲਰਕ ਰੁਪਿੰਦਰ ਸਿੰਘ, ਜੂਨੀਅਰ ਅਸਿਸਟੈਂਟ ਜਤਿੰਦਰ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਮੌਸਮ ਵਿਭਾਗ ਵਲੋਂ ਭਾਰੀ ਮੀਂਹ ਦੇ ਨਾਲ ਗੜੇ ਪੈਣ ਬਾਰੇ ਅਲਰਟ ਜਾਰੀ

ਲੋਕ ਬਾਣੀ/ ਚੰਡੀਗੜ੍ਹ-




ਇਸ ਸਮੇਂ ਦੇਸ਼ ਭਰ ਵਿੱਚ ਮੌਸਮ ਸਾਫ਼ ਹੈ। ਭਾਵੇਂ ਦਿਨ ਵੇਲੇ ਗਰਮੀ ਮਹਿਸੂਸ ਹੋਣੀ ਸ਼ੁਰੂ ਹੋ ਗਈ ਹੈ ਪਰ ਸਵੇਰ ਅਤੇ ਸ਼ਾਮ ਨੂੰ ਹਲਕੀ ਠੰਢਕ ਬਰਕਰਾਰ ਹੈ। ਇਸ ਦੌਰਾਨ ਮੌਸਮ ਵਿਭਾਗ ਨੇ ਚਿਤਾਵਨੀ ਦਿੱਤੀ ਹੈ ਕਿ ਦੇਸ਼ 'ਚ ਪੱਛਮੀ ਗੜਬੜੀ ਸਰਗਰਮ ਹੋ ਰਹੀ ਹੈ, ਜਿਸ ਕਾਰਨ ਮੌਸਮ 'ਚ ਬਦਲਾਅ ਹੋਵੇਗਾ। ਦੇਸ਼ ਦੇ ਕਈ ਰਾਜਾਂ ਵਿੱਚ ਅੱਜ ਤੋਂ 24 ਫਰਵਰੀ ਤੱਕ ਮੀਂਹ ਦਾ ਅਲਰਟ ਜਾਰੀ ਕੀਤਾ ਗਿਆ ਹੈ। ਹਿਮਾਲੀਅਨ ਰਾਜਾਂ ਵਿੱਚ ਬਰਫ਼ਬਾਰੀ ਦੀ ਚੇਤਾਵਨੀ ਦਿੱਤੀ ਗਈ ਹੈ। ਦਿੱਲੀ-ਐਨਸੀਆਰ ਵਿੱਚ ਵੀ ਚੰਗੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਤੇਜ਼ ਤੂਫ਼ਾਨ ਦੀ ਵੀ ਸੰਭਾਵਨਾ ਹੈ। ਮੌਸਮ ਵਿਭਾਗ ਦੀ ਮੰਨੀਏ ਤਾਂ, ਅੱਜ ਰਾਤ ਪੰਜਾਬ ਦੇ ਉੱਤਰੀ ਅਤੇ ਪੱਛਮੀ ਹਿੱਸਿਆਂ ਤੋਂ ਭਾਰੀ ਬਾਰਿਸ਼ ਸ਼ੁਰੂ ਹੋਣ ਦੀ ਸੰਭਾਵਨਾ ਹੈ ਅਤੇ ਅਗਲੇ 24-36 ਘੰਟਿਆਂ ਦੌਰਾਨ ਹਰਿਆਣਾ, ਪੰਜਾਬ ਅਤੇ ਚੰਡੀਗੜ੍ਹ ਦੇ ਕਈ ਹਿੱਸਿਆਂ ਨੂੰ ਕਵਰ ਕਰਨ ਦੀ ਸੰਭਾਵਨਾ ਹੈ। ਇਸ ਦੌਰਾਨ ਗਰਜ, ਬਿਜਲੀ, ਤੇਜ਼ ਹਵਾਵਾਂ (40-60 ਕਿਲੋਮੀਟਰ ਪ੍ਰਤੀ ਘੰਟਾ) ਅਤੇ ਅਲੱਗ-ਥਲੱਗ ਗੜੇ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ (IMD) ਅਨੁਸਾਰ ਪੱਛਮੀ ਗੜਬੜੀ ਦਾ ਅਸਰ ਪੂਰਬੀ ਰਾਜਾਂ ਵਿੱਚ ਦੇਖਣ ਨੂੰ ਮਿਲੇਗਾ। ਅਸਾਮ ਅਤੇ ਇਸ ਦੇ ਨਾਲ ਲੱਗਦੇ ਇਲਾਕਿਆਂ ਉੱਤੇ ਇੱਕ ਹਵਾ ਵਾਲਾ ਖੇਤਰ ਬਣਿਆ ਹੋਇਆ ਹੈ। ਇੱਕ ਤਾਜ਼ਾ ਪੱਛਮੀ ਗੜਬੜ ਪੱਛਮੀ ਹਿਮਾਲਿਆ ਤੱਕ ਪਹੁੰਚ ਗਈ ਹੈ, ਜਿਸ ਕਾਰਨ ਦੇਸ਼ ਭਰ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ।

ਮੇਘਾਲਿਆ, ਮਨੀਪੁਰ, ਨਾਗਾਲੈਂਡ, ਮਿਜ਼ੋਰਮ ਵਿੱਚ 22 ਤੋਂ 25 ਫਰਵਰੀ ਤੱਕ ਮੀਂਹ ਅਤੇ ਗੜੇ ਪੈਣ ਦੀ ਚੇਤਾਵਨੀ ਦਿੱਤੀ ਗਈ ਹੈ। ਤੂਫ਼ਾਨ ਵੀ ਆ ਸਕਦਾ ਹੈ। ਹਿਮਾਚਲ ਪ੍ਰਦੇਸ਼ ਅਤੇ ਆਸਪਾਸ ਦੇ ਇਲਾਕਿਆਂ 'ਚ ਬਰਫਬਾਰੀ ਹੋਵੇਗੀ। ਪੰਜਾਬ, ਰਾਜਸਥਾਨ, ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼, ਹਿਮਾਚਲ, ਉੱਤਰਾਖੰਡ ਵਿੱਚ ਵੀ ਮੌਸਮ ਖ਼ਰਾਬ ਰਹੇਗਾ।

ਮੌਸਮ ਵਿਭਾਗ ਮੁਤਾਬਕ 18 ਤੋਂ 20 ਫਰਵਰੀ ਤੱਕ ਜੰਮੂ-ਕਸ਼ਮੀਰ, ਲੱਦਾਖ, ਮੁਜ਼ੱਫਰਨਗਰ ਅਤੇ ਹਿਮਾਚਲ ਦੇ ਕੁਝ ਇਲਾਕਿਆਂ 'ਚ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਉੱਤਰਾਖੰਡ 'ਚ 22 ਫਰਵਰੀ ਨੂੰ ਦਰਮਿਆਨੀ ਤੋਂ ਹਲਕੀ ਬਾਰਿਸ਼ ਅਤੇ ਬਰਫਬਾਰੀ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ।

21 ਫਰਵਰੀ ਤੋਂ 23 ਫਰਵਰੀ ਦਰਮਿਆਨ ਹਰਿਆਣਾ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਵੇਗੀ।

### ਅੰਡਰ ਬ੍ਰਿਜ ਨਾ ਬਣਨ ਤੇ ਲੋਕ ਕਹਿ ਰਹੇ ਹਨ-ਵਾਜਾਂ ਮਾਰੀਆਂ ਬੁਲਾਇਆ ਅਤੇ ਰੋਇਆ ਕਈ ਵਾਰ ਵੇ ਕਿਸੇ ਨੇ ਸਾਡੀ ਗੱਲ ਨਾ ਸੁਣੀ-

# ਨਵੀਂ ਬਸਤੀ,ਜੋਧਪੁਰ ਕੈਂਚੀਆਂ ਮੋੜ ਮੰਡੀ ਵਾਸੀਆਂ ਦੀ ਅੰਤਰ ਬ੍ਰਿਜ ਦੀ ਮੰਗ-ਕਾਲੀਆਂ ਝੰਡੀਆਂ ਨਾਲ ਪ੍ਰਦਰਸ਼ਨ

### ਨਵੀ ਬਸਤੀ ਅਤੇ ਤਲਵੰਡੀ ਸਾਬੋ ਰੋਡ ਦੇ ਦੁਕਾਨਦਾਰਾਂ ਨੂੰ ਆਰਿਥਕ ਨੁਕਸਾਨ ਦੇ ਨਾਲ ਮਾਨਿਸਕ ਪ੍ਰੇਸ਼ਾਨੀ ਵੀ ਝੱਲਣੀ ਪੇ ਰਹੀ

ਲੋਕ ਬਾਣੀ

ਮੌੜ ਮੰਡੀ - ਨਵੀਂ ਬਸਤੀ ਅਤੇ ਲਾਈਨੋਂ ਪਾਰ ਮੌੜ ਮੰਡੀ ਇਲਾਕੇ ਦੇ ਸਮੂਹ ਦੁਕਾਨਦਾਰਾਂ ਅਤੇ ਉਥੇ ਰਹਿਣ ਵਾਲੇ ਲੋਕਾਂ ਵੱਲੋਂ ਲੰਮੇ ਸਮੇ ਤੋਂ ਉਹਨਾਂ ਦੀ ਅੰਡਰ ਬ੍ਰਿਜ ਮੰਗ ਪੂਰੀ ਨਾ ਹੋਣ ਤੇ ਕਾਲੀਆਂ ਝੰਡੀਆਂ ਲੇਕੇ ਪ੍ਰਦਰਸ਼ਨ ਕੀਤਾ ਗਿਆ।ਉਹਨਾਂ ਕਿਹਾ ਪ੍ਰਦਰਸ਼ਨ ਅਤੇ ਧਰਨੇ ਲਾਉਣਾ ਲੋਈ ਸ਼ੋਕ ਨਹੀ ਪਰ ਅਸੀ ਪਿਛਲੇ 5 ਸਾਲ ਤੋਂ ਆਪਣੀ ਅੰਡਰ ਬ੍ਰਿਜ ਦੀ ਮੰਗ ਨੂੰ ਲੇਕੇ ਦਰ ਦਰ ਤੇ ਜਾਕੇ ਠੋਕਰਾਂ ਕਾ ਰਹੇ ਹਾਂ।ਜਦੋਂ ਉਵਰ ਬ੍ਰਿਜ ਬਣਨਾ ਸ਼ੁਰੂ ਹੋਇਆ ਸੀ ਉਸ ਸਮੇ ਤੋਂ ਹੀ ਮੁਸੀਬਤਾਂ ਨਾਲ ਜੂਝ ਰਹੇ ਹਾਂ ਪਰ ਇੱਕ ਅਨੁਸਾਸ਼ਨ ਅਤੇ ਸੂਝਵਾਨ ਨਾਗਿਰਕ ਹੋਣ ਕਾਰਨ ਕਦੇ ਵੀ ਧਰਨਾ ਜਾਂ ਰਾਸਤਾ ਨਹੀ ਰੋਕਿਆ ਅਤੇ ਹਰ ਵਾਰ ਇਲਾਕੇ ਦੇ ਰਾਜਨੀਤਕ ਨੇਤਾਵਾਂ ਵੱਲੋਂ ਦਿੱਤੇ ਜਾ ਰਹੇ ਭਰੋਸੇ ਅਤੇ ਵਿਸ਼ਵਾਸ ਅਤੇ ਸੰਜਮ ਵਿੱਚ ਰਹਿੰਦੇ ਹੋਏ ਆਪਣੀ ਗੱਲ ਕਰ ਰਹੇ ਹਾਂ।

ਰੋਸ ਪ੍ਰਦਰਸ਼ਨ ਵਿੱਚ ਹਾਜਰ ਸਮੂਹ ਦੁਕਾਨਦਾਰਾਂ ਨੇ ਕਿਹਾ ਕਿ ਬਹੁਤ ਸ਼ਹਿਰਾਂ ਵਿੱਚ ਜਦੋਂ ਵੀ ਕੋਈ ਉਵਰ ਬ੍ਰਿਜ ਜਾਂ ਸੜਕ ਬਣਦੀ ਹੈ ਤਾਂ ਦੁਕਾਨਦਾਰਾਂ ਨੂੰ ਉਜਾੜਾ ਭੱਤਾ ਦਿੱਤਾ ਜਾਂਦਾ ਹੈ।ਪਰ ਉਸ ਸਮੇ ਵੀ ਸਾਨੂੰ ਭਰੋਸਾ ਦਿੱਤਾ ਗਿਆ ਕਿ ਤਹਾਨੂੰ ਕੋਈ ਮੁਸ਼ਕਲ ਨਹੀ ਆਉਣ ਦਿੱਤੀ ਜਾਵੇਗੀ।ਪਰ ਸਾਨੂੰ ਨਹੀ ਸੀ ਪਤਾ ਕਿ ਸਾਡੇ ਚੁੱਪ ਰਹਿਣ ਦਾ ਸਾਨੂੰ ਖਮਿਆਜਾ ਭੁਗਤਣਾ ਪਵੇਗਾ। ਉਹਨਾਂ ਦੱਸਿਆ ਕਿ ਹੁਣ ਸਾਡੇ ਸਬਰ ਦਾ ਪਿਆਲਾ ਭਰਦਾ ਜਾ ਰਿਹਾ ਹੈ ਅਤੇ ਹੁਣ ਸਾਨੂੰ ਮਜਬੂਰ ਹੋਕੇ ਅੱਜ ਕਾਲੀਆਂ ਝੰਡੀਆਂ ਨਾਲ ਪ੍ਰਦਰਸ਼ਨ ਕਰਨਾ ਪਿਆ ਅਤੇ ਆਉਣ ਵਾਲੇ ਸਮੇਂ ਵਿੱਚ ਜੇਕਰ ਇਸ ਮੰਗ ਨੂੰ ਪੂਰਾ ਨਹੀ ਕੀਤਾ ਜਾਂਦਾ ਤਾਂ ਮਜਬੂਰਨ ਅਸੀ ਆਉਣ ਵਾਲੀਆਂ ਲੋਕ ਸਭਾ ਚੋਣਾ ਦਾ ਬਾਈਕਾਟ ਕਰਨ ਦਾ ਸਖਤ ਫੈਸਲਾ ਵੀ ਲੇਣਾ ਪੇ ਸਕਦਾ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਸਮਾਜ ਸੇਵੀ ਅਤੇ ਸਿੱਖਿਆ ਵਿਕਾਸ ਮੰਚ ਦੇ ਚੇਅਰਮੈਨ ਡਾ.ਸੰਦੀਪ ਘੰਡ ਨੇ ਦੱਸਿਆ ਕਿ ਜਿਥੈ ਅੰਡਰ ਬ੍ਰਿਜ ਨਾ ਬਣਨ ਕਰਕੇ ਨਵੀ ਬਸਤੀ,ਤਲਵੰਡੀ ਰੋਡ ਅਤੇ ਜੋਧਪੁਰ ਕੈਂਚੀਆਂ ਅਤੇ ਮੋੜ ਖੁਰਦ ਦੇ ਲੋਕਾਂ ਨੂੰ ਜਿਥੇ ਆਰਿਥਕ ਨੁਕਸਾਨ ਸਹਿਣਾ ਪੇ ਰਿਹਾ ਹੈ ਉਥੇ ਹੀ ਮਾਨਿਸਕ ਪ੍ਰੇਸ਼ਾਨੀ ਦਾ ਵੀ





ਸਾਹਮਣਾ ਕਰਨਾ ਪੇ ਰਿਹਾ ਹੈ।ਉਹਨਾਂ ਦੱਸਿਆ ਕਿ ਤਲਵੰਡੀ ਰੋਡ ਅਤੇ ਜੋਧਪੁਰ ਕੈਂਚੀਆਂ ਦੇ 70-80 ਦੇ ਕਰੀਬ ਦੁਕਾਨਦਾਰਾਂ ਦਾ ਕਾਰੋਬਾਰ ਠੱਪ ਹੋ ਗਿਆ ਹੈ ਜਿਸ ਨਾਲ ਉਹ ਮਾਨਿਸਕ ਰੋਗੀ ਬਣ ਕੇ ਰਹਿ ਗਏ ਹਨ।ਡਾ.ਘੰਡ ਨੇ ਦੱਸਿਆ ਕਿ ਦਸੰਬਰ 2023 ਵਿੱਚ ਭਾਰਤੀ ਜੰਤਾ ਪਾਰਟੀ ਦੇ ਸੀਨੀਅਰ ਆਗੂ ਦਿਆਲ ਦਾਸ ਸੋਢੀ ਦੇ ਯਤਨਾਂ ਨਾਲ ਕੇਦਰੀ ਮੰਤਰੀ ਸ਼੍ਰੀ ਗੇਜੰਦਰ ਸਿੰਘ ਸ਼ੇਖਾਵਤ ਤਲਵੰਡੀ ਜਾਂਦੇ ਸਮੇ ਕੁਝ ਸਮੇ ਲਈ ਉਥੇ ਰੁਕੇ ਸਨ ਜਿਥੇ ਉਹਨਾਂ ਨੂੰ ਨਿੱਜੀ ਤੋਰ ਤੇ ਸਾਰੇ ਹਲਾਤਾਂ ਤੋਂ ਜਾਣੂ ਕਰਵਾਇਆ ਗਿਆ ਸੀ ਅਤੇ ਉਹਨਾਂ ਕਿਹਾ ਸੀ ਕਿ ਇਹ ਉਹਨਾਂ ਦੀ ਜਾਇਜ ਮੰਗ ਹੈ ਅਤੇ ਇਸ ਸਬੰਧੀ ਜਲਦੀ ਹੱਲ ਕੱਢਿਆ ਜਾਵੇਗਾ।ਪਰ ਉਸ ਗੱਲ ਨੂੰ ਵੀ ਤਕਰੀਬਨ ਦੋ ਮਹੀਨੇ ਦਾ ਸਮਾਂ ਹੋ ਗਿਆ ਹੈ ਪਰ ਅਜੇ ਤੱਕ ਕਿਸੇ ਕਿਸਮ ਦੀ ਕੋਈ ਕਾਰਵਾਈ ਨਹੀ ਹੋਈ।

ਨਗਰ ਕੌਸ਼ੰਲ ਦੇ ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਫੋਜੀ,ਮਿਉਸਪਲ ਕੌਂਸਲਰ ਡਾ ਸਤਪਾਲ ਅਤੇ ਮੈਡਮ ਸਨੇਹ ਲੱਤਾ,ਭੀਮ ਸੈਨ ਪ੍ਰਧਾਨ ਧਾਨਿਕ ਸਮਾਜ ਨੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਬੀਜੇਪੀ ਦੇ ਦਿਆਲ ਦਾਸ ਸੋਢੀ ਦੇ ਯਤਨਾ ਨਾਲ ਰੇਲਵੇ ਵਿਭਾਗ ਦੇ ਅਧਿਕਾਰੀਆਂ ਨੇ ਆਕੇ ਹਲਾਤ ਦਾ ਜਾਇਜਾ ਲਿਆ ਸੀ।ਉਹਨਾਂ ਵੱਲੋਂ ਨਕਸ਼ਾ ਵਗੈਰਾ ਬਣਾਕੇ ਰੇਲਵੇ ਦੇ ਉਚ ਅਧਿਕਾਰੀਆਂ ਨੂੰ ਭੇਜਿਆ ਸੀ।ਡਿਪਟੀ ਕਮਿਸ਼ਨਰ ਬਠਿੰਡਾ ਵੱਲੋਂ ਵੀ ਅੰਡਰ ਬ੍ਰਿਜ ਸਘੰਰਸ਼ ਕਮੇਟੀ ਵੱਲੋਂ ਦਿੱਤੇ ਮੰਗ ਪੱਤਰ ਨੂੰ ਰੇਲਵੇ ਮੰਤਰੀ ਨੂੰ ਭੇਜਿਆ ਗਿਆ ਸੀ।

ਅੰਡਰ ਬ੍ਰਿਜ ਸਘੰਰਸ਼ ਕਮੇਟੀ ਦੇ ਆਗੂਆਂ ਡਾ ਜਗਰੂਪ ਸਿੰਘ, ਕਾਕਾ ਸਿੰਘ ਮਿਸਤਰੀ,ਦਰਸ਼ਨ ਸਿੰਘ ਦਰਸ਼ੀ,ਅਸ਼ੋਕ ਕੁਮਾਰ ਸ਼ੋਕੀ,ਲੋਰਡ ਰਾਮਾ ਹਸਪਤਾਲ,ਛੋਟਾ ਸਿੰਘ ਬਾਬਾ,ਰਾਜੂ,ਕੁਲਵਿੰਦਰ ਸਿੰਘ ਕਿੰਦਰੀ,ਦੀਪਾ ਹੇਅਰ ਡਰੇਸਰ,ਦਰਸ਼ਨ ਸਿੰਘ ਦਰਸੀ,ਨੇ ਉਵਰ ਬ੍ਰਿਜ ਦੇ ਬਣਨ ਨਾਲ ਲਾਈਨੋ ਪਾਰ ਏਰੀਏ ਦੇ ਲੋਕ ਨਰਕ ਭਰੀ ਜਿੰਦਗੀ ਜਿਊਣ ਲਈ ਮਜਬੂਰ ਹਨ ਅਤੇ ਉਹਨਾਂ ਦੇ ਮਾਸੂਮ ਬੱਚਿਆ ਨੂੰ ਸਕੂਲ ਜਾਣ ਸਮੇ ਮਜਬੂਰਨ ਲਾਈਨ ਪਾਰ ਕਰਨੀ ਪੈਂਦੀ ਹੈ ਜਿਸ ਨਾਲ ਹਰ ਸਮੇ ਕੋਈ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਉਹਨਾਂ ਦੱਸਿਆ ਕਿ ਮੌੜ ਖੁਰਦ ਦੇ ਲੋਕਾਂ ਨੂੰ ਆਪਣੇ ਰੋਜਾਨਾ ਦੇ ਕੰਮਕਾਰ ਲਈ ਬਜਾਰ ਜਾਣ ਲਈ 4 ਕੋਮੀਟਰ ਦਾ ਸਫਰ ਕਰਨਾ ਪੈਂਦਾ ਜਦੋਂ ਕਿ ਇਹ ਰਾਸਤਾ ਕੇਵਲ ਅੱਧਾ ਕਿਲੋਮੀਟਰ ਦਾ ਹੈ।ਇਥੋਂ ਤੱਕ ਕਿ ਕਿਸੇ ਬਜੁਰਗ ਦੀ ਮੋਤ ਸਮੇ ਅਰਥੀ ਸ਼ਮਸ਼ਾਨਘਾਟ ਲਿਜਾਣ ਲਈ ਵੀ ਉਵਰ ਬ੍ਰਜਿ ਉਪਰ ਦੀ ਜਾਣਾ ਪੈਂਦਾ ਜਿਸ ਨਾਲ ਬਜਰੁਗਾਂ ਨੂੰ ਹੋਰ ਵੀ ਜਿਆਦਾ ਮੁਸ਼ਿਕਲ ਹੁੰਦੀ ਹੈ।

ਹਾਜਰ ਆਗੂਆਂ ਨੇ ਹਲਕੇ ਦੇ ਵਿਧਾਇਕ ਸੁਖਵੀਰ ਸਿੰਘ ਮਾਈਸ਼ਰ ਖਾਨਾ,ਬੀਜੇਪੀ ਆਗੂ ਦਿਆਲ ਦਾਸ ਸੋਢੀ ਤੋਂ ਮੰਗ ਕੀਤੀ ਕਿ ਅੰਡਰ ਬ੍ਰਿਜ ਬਣਾਉਣ ਦੀ ਮੰਗ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ।ਉਹਨਾਂ ਕਿਹਾ ਕਿ ਲੋਕ ਸਭਾ ਚੋਣਾ ਨਜਦੀਕ ਹੋਣ ਕਾਰਣ ਕਿਸੇ ਵੇਲੇ ਵੀ ਚੋਣ ਜਾਬਤਾ ਲੱਗ ਸਕਦਾ ਹੈ ਜਿਸ ਨਾਲ ਇਹ ਕੰਮ ਹੋਰ ਲਟਕ ਜਾਵੇਗਾ ਇਸ ਲਈ ਜਲਦੀ ਤੋਂ ਜਲਦੀ ਅੰਡਰ ਬ੍ਰਿਜ ਬਣਾਉਣ ਦੀ ਮੰਗ ਨੂੰ ਪੂਰਾ ਕੀਤਾ ਜਾਵੇ।

## ਪੰਜਾਬ ਦੇ 7 ਜ਼ਿਲ੍ਹਿਆਂ 'ਚ ਇੰਟਰਨੈੱਟ ਸੇਵਾਵਾਂ 'ਤੇ 24 ਫਰਵਰੀ ਤੱਕ ਪਾਬੰਦੀ

ਲੋਕ ਬਾਣੀ/ ਚੰਡੀਗੜ੍ਹ-

ਕੇਂਦਰੀ ਗ੍ਰਹਿ ਮੰਤਰਾਲੇ ਦੇ ਵਲੋਂ ਪੰਜਾਬ ਦੇ ਸੱਤ ਜ਼ਿਲ੍ਹਿਆਂ ਵਿੱਚ 24 ਫਰਵਰੀ ਤੱਕ ਇੰਟਰਨੈੱਟ 'ਤੇ ਆਰਜ਼ੀ ਪਾਬੰਦੀ 24 ਫਰਵਰੀ ਤੱਕ ਲਾ ਦਿੱਤੀ ਗਈ ਹੈ।

ਜਾਣਕਾਰੀ ਮੁਤਾਬਿਕ, ਕੇਂਦਰੀ ਗ੍ਰਹਿ ਮੰਤਰਾਲੇ ਨੇ ਜ਼ਿਲ੍ਹਾ ਪਟਿਆਲਾ ਵਿੱਚ ਸ਼ੰਭੂ, ਜੁਲਕਾਂ, ਪਸਿਆਣਾ, ਪੱਤਣ, ਸ਼ੁਤਰਾਣਾ, ਸਮਾਣਾ, ਘਨੌਰ, ਦੇਵੀਗੜ੍ਹ, ਬਲਬੇੜਾ ਅਤੇ ਜ਼ਿਲ੍ਹਾ ਐਸਏਐਸ ਨਗਰ ਵਿੱਚ ਲਾਲੜੂ ਵਿੱਚ ਇੰਟਰਨੈੱਟ ਸੇਵਾਵਾਂ 24 ਫਰਵਰੀ ਤੱਕ ਪਾਬੰਦੀ ਵਧਾ ਦਿੱਤੀ ਗਈ ਹੈ।

ਦੱਸ ਦਈਏ ਕਿ, ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਦੀ ਕਾਨੂੰਨੀ ਗਾਰੰਟੀ ਅਤੇ ਕਰਜ਼ਾ ਮੁਆਫ਼ੀ ਸਮੇਤ 12 ਮੰਗਾਂ ਨੂੰ ਲੈ ਕੇ ਦਿੱਲੀ ਤੱਕ ਮਾਰਚ ਕਰਨ 'ਤੇ ਅੜੇ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਅੱਜ ਪੰਜਵੇਂ ਦਿਨ ਵੀ ਸ਼ੰਭੂ ਅਤੇ ਦਾਤਾ ਸਿੰਘ ਵਾਲਾ ਦੀ ਸਰਹੱਦ 'ਤੇ ਡਟੀਆਂ ਰਹੀਆਂ। ਚੰਡੀਗੜ੍ਹ ਵਿੱਚ ਅੱਜ ਕੇਂਦਰੀ ਮੰਤਰੀਆਂ ਅਤੇ ਕਿਸਾਨ ਆਗੂਆਂ ਵਿਚਾਲੇ ਚੌਥੇ ਦੌਰ ਦੀ ਗੱਲਬਾਤ ਹੋਵੇਗੀ।

## ਭਾਰਤ ਦੀ ਮਸ਼ਹੂਰ ਅਦਾਕਾਰਾ ਦਾ ਦੇਹਾਂਤ

ਲੋਕ ਬਾਣੀ/ ਨਵੀਂ ਦਿੱਲੀ



ਫਿਲਮ ਦੰਗਲ ਵਿੱਚ ਆਮਿਰ ਖਾਨ ਦੀ ਛੋਟੀ ਬੇਟੀ ਦਾ ਕਿਰਦਾਰ ਨਿਭਾਉਣ ਵਾਲੀ ਭਾਰਤ ਦੀ ਮਸ਼ਹੂਰ ਸੁਹਾਨੀ ਭਟਨਾਗਰ ਨੇ ਬਹੁਤ ਹੀ ਛੋਟੀ ਉਮਰ ਵਿੱਚ ਦੁਨੀਆ ਨੂੰ ਅਲਵਿਦਾ ਕਹਿ ਦਿੱਤਾ ਹੈ।

ਆਮਿਰ ਖਾਨ ਦੇ ਕੋ-ਸਟਾਰ ਦਾ ਸਿਰਫ 19 ਸਾਲ ਦੀ ਉਮਰ 'ਚ ਦਿਹਾਂਤ ਹੋ ਗਿਆ। ਸੁਹਾਨੀ ਭਟਨਾਗਰ ਦੇ ਅਚਾਨਕ ਦਿਹਾਂਤ ਨਾਲ ਪੂਰੀ ਇੰਡਸਟਰੀ 'ਚ ਸੋਗ ਦੀ ਲਹਿਰ ਹੈ। ਹਰ ਕੋਈ ਉਸ ਦੀ ਮੌਤ ਦਾ ਸੋਗ ਮਨਾ ਰਿਹਾ ਹੈ। ਖਬਰਾਂ ਦੀ ਮੰਨੀਏ ਤਾਂ ਕਿਹਾ ਜਾ ਰਿਹਾ ਹੈ ਕਿ ਸੁਹਾਨੀ ਭਟਨਾਗਰ ਪਿਛਲੇ ਕੁਝ ਦਿਨਾਂ ਤੋਂ ਫਰੀਦਾਬਾਦ ਦੇ ਹਸਪਤਾਲ 'ਚ ਦਾਖਲ ਸੀ ਅਤੇ ਉੱਥੇ ਉਸਦਾ ਇਲਾਜ ਚੱਲ ਰਿਹਾ ਸੀ। ਕੁਝ ਸਮਾਂ ਪਹਿਲਾਂ ਸੁਹਾਨੀ ਦੀ ਲੱਤ 'ਚ ਫਰੈਕਚਰ ਹੋ ਗਿਆ ਸੀ ਅਤੇ ਇਸ ਦੇ ਲਈ ਉਹ ਦਵਾਈਆਂ ਲੈ ਰਹੀ ਸੀ ਪਰ ਇਨ੍ਹਾਂ ਦਵਾਈਆਂ ਦਾ ਰਿਐਕਸ਼ਨ ਹੋ ਗਿਆ ਅਤੇ ਸੁਹਾਨੀ ਦਾ ਪੂਰਾ ਸਰੀਰ ਪਾਣੀ ਨਾਲ ਭਰ ਗਿਆ। ਸੁਹਾਨੀ ਨੇ ਬੀਤੀ ਸ਼ਾਮ ਦੁਨੀਆ ਨੂੰ ਅਲਵਿਦਾ ਕਹਿ ਦਿੱਤਾ। ਤੁਹਾਨੂੰ ਦੱਸ ਦੇਈਏ ਕਿ ਸੁਹਾਨੀ ਦੇ ਅਚਾਨਕ ਦਿਹਾਂਤ ਤੋਂ ਨਾ ਸਿਰਫ ਉਨ੍ਹਾਂ ਦਾ ਪਰਿਵਾਰ ਅਤੇ ਪ੍ਰਸ਼ੰਸਕ ਬਲਕਿ ਇੰਡਸਟਰੀ ਵੀ ਬਹੁਤ ਦੁਖੀ ਹੈ। ਹਰ ਕੋਈ ਉਸ ਦੀ ਚਰਚਾ ਕਰ ਰਿਹਾ ਹੈ। ਸੋਸ਼ਲ ਮੀਡੀਆ 'ਤੇ ਸੁਹਾਨੀ ਦੇ ਬਾਰੇ 'ਚ ਵੀ ਚਰਚਾ ਹੈ ਕਿ ਕਿਸ ਤਰ੍ਹਾਂ ਉਸ ਨੇ ਫਿਲਮ 'ਦੰਗਲ' 'ਚ ਆਪਣੇ ਕਿਰਦਾਰ ਨਾਲ ਲੋਕਾਂ ਦਾ ਦਿਲ ਜਿੱਤ ਲਿਆ, ਪਰ ਬਹੁਤ ਦੁੱਖ ਦੀ ਗੱਲ ਹੈ ਕਿ ਸੁਹਾਨੀ ਨੇ ਆਪਣੀ ਜ਼ਿੰਦਗੀ ਦੀ 'ਦੰਗਲ' ਨੂੰ ਬਹੁਤ ਜਲਦੀ ਗੁਆ ਦਿੱਤਾ ਅਤੇ ਸਭ ਨੂੰ ਛੱਡ ਕੇ ਚਲੇ ਗਏ।

Website : www.lokbani.com
lokbani08@gmail.com

# ਕਿਸਾਨਾਂ ਦੀਆਂ 3 ਮੰਗਾਂ 'ਤੇ ਫਸਿਆ ਪੇਚ, ਆਗੂਆਂ ਨੇ ਕੀਤਾ ਐਲਾਨ- ਜੇ ਗੱਲ ਨਾ ਬਣੀ ਤਾਂ ਭਲਕੇ ਕਰਾਂਗੇ ਦਿੱਲੀ ਕੂਚ

ਲੋਕ ਬਾਣੀ/ ਚੰਡੀਗੜ੍ਹ-



ਕਿਸਾਨਾਂ ਨੇ ਇੱਕ ਵਾਰ ਫਿਰ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਵੱਲ ਮਾਰਚ ਕਰਨ ਦੇ ਪ੍ਰੋਗਰਾਮ ਨੂੰ ਜਾਰੀ ਰੱਖਣ ਦਾ ਐਲਾਨ ਕੀਤਾ ਹੈ। ਪੰਜਾਬ ਤੋਂ ਆ ਰਹੇ ਕਿਸਾਨਾਂ ਨੂੰ ਪੁਲਿਸ ਨੇ ਸ਼ੰਭੂ ਬਾਰਡਰ 'ਤੇ ਰੋਕ ਲਿਆ।

ਸਰਕਾਰ ਪਿਛਲੇ ਛੇ ਦਿਨਾਂ ਤੋਂ ਸਰਹੱਦ 'ਤੇ ਖੜ੍ਹੇ ਕਿਸਾਨਾਂ ਨੂੰ ਵੀ ਮਨਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਕੇਂਦਰੀ ਮੰਤਰੀਆਂ ਅਤੇ ਕਿਸਾਨਾਂ ਦਰਮਿਆਨ ਅੱਜ ਚੰਡੀਗੜ੍ਹ ਵਿੱਚ ਚੌਥੇ ਦੌਰ ਦੀ ਗੱਲਬਾਤ ਹੋਣ ਜਾ ਰਹੀ ਹੈ।

ਸਰਕਾਰ ਨਾਲ ਮੀਟਿੰਗ ਤੋਂ ਪਹਿਲਾਂ ਕਿਸਾਨਾਂ ਨੇ ਐਲਾਨ ਕੀਤਾ ਕਿ ਜੇਕਰ ਅੱਜ ਕੋਈ ਹੱਲ ਨਾ ਹੋਇਆ ਤਾਂ ਉਹ ਭਲਕੇ ਦਿੱਲੀ ਵੱਲ ਮਾਰਚ ਕਰਨਗੇ।

ਕਿਸਾਨਾਂ ਅਤੇ ਸਰਕਾਰ ਵਿਚਾਲੇ ਹੁਣ ਤੱਕ ਤਿੰਨ ਮੀਟਿੰਗਾਂ ਹੋ ਚੁੱਕੀਆਂ ਹਨ ਪਰ ਕਈ ਮੰਗਾਂ 'ਤੇ ਕੋਈ ਸਹਿਮਤੀ ਨਹੀਂ ਬਣ ਸਕੀ। ਕਿਸਾਨਾਂ ਦੀਆਂ ਕੁੱਲ 13 ਮੰਗਾਂ ਹਨ ਜਿਨ੍ਹਾਂ ਵਿੱਚ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਸਬੰਧੀ ਕਾਨੂੰਨ ਸ਼ਾਮਲ ਹੈ।

ਸਰਕਾਰ ਉਨ੍ਹਾਂ ਦੀਆਂ 10 ਮੰਗਾਂ ਮੰਨਣ ਲਈ ਤਿਆਰ ਹੈ, ਪਰ 3 ਮੁੱਦਿਆਂ 'ਤੇ ਅਜੇ ਤੱਕ ਗੱਲਬਾਤ ਨਹੀਂ ਹੋ ਸਕੀ ਹੈ। ਇਹ ਤਿੰਨ ਮੰਗਾਂ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ, 60 ਸਾਲ ਤੋਂ ਵੱਧ ਉਮਰ ਦੇ ਕਿਸਾਨਾਂ ਨੂੰ ਪੈਨਸ਼ਨ ਅਤੇ ਕਿਸਾਨਾਂ ਦੀ ਕਰਜ਼ਾ ਮੁਆਫ਼ੀ ਬਾਰੇ ਕਾਨੂੰਨ ਬਣਾਉਣਾ ਹੈ, ਜਿਸ 'ਤੇ ਅੱਜ ਗੱਲਬਾਤ ਹੋਣੀ ਹੈ।

1. ਫਸਲਾਂ ਦਾ ਭਾਅ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ। ਘੱਟੋ-ਘੱਟ ਸਮਰਥਨ ਮੁੱਲ ਫ਼ਸਲਾਂ ਦੀ ਪੈਦਾਵਾਰ ਦੀ ਲਾਗਤ ਨਾਲੋਂ 25 ਫ਼ੀਸਦੀ ਵੱਧ ਹੋਣਾ ਚਾਹੀਦਾ ਹੈ।

2. ਭੂਮੀ ਗ੍ਰਹਿਣ ਐਕਟ 2013 ਨੂੰ ਇੱਕ ਵਾਰ ਫਿਰ ਤੋਂ ਲਾਗੂ ਕੀਤਾ ਜਾਵੇ।

3. ਲਖੀਮਪੁਰ 'ਚ ਕਿਸਾਨਾਂ 'ਤੇ ਹਮਲਾ ਕਰਨ ਵਾਲਿਆਂ ਦੀ ਜ਼ਮਾਨਤ ਰੱਦ ਕੀਤੀ ਜਾਵੇ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ।

4. ਮੁਕਤ ਵਪਾਰ ਸਮਝੌਤਿਆਂ 'ਤੇ ਪਾਬੰਦੀ ਲਗਾਈ ਜਾਵੇ।

5. ਬਿਜਲੀ ਸੋਧ ਬਿੱਲ 2020 ਰੱਦ ਕੀਤਾ ਜਾਵੇ।

6. ਮਨਰੇਗਾ ਵਿੱਚ ਹਰ ਮਜ਼ਦੂਰ ਨੂੰ 200 ਦਿਨ ਕੰਮ ਕਰਨਾ ਚਾਹੀਦਾ ਹੈ ਅਤੇ ਉਸਦੀ ਦਿਹਾੜੀ 700 ਰੁਪਏ ਹੋਣੀ ਚਾਹੀਦੀ ਹੈ।

7. ਕਿਸਾਨ ਧਰਨੇ ਵਿੱਚ ਮਾਰੇ ਗਏ ਕਿਸਾਨਾਂ ਦੇ ਪਰਿਵਾਰਾਂ ਨੂੰ ਆਰਥਿਕ ਮਦਦ ਅਤੇ ਸਰਕਾਰੀ ਨੌਕਰੀ ਦਿੱਤੀ ਜਾਵੇ।

8. ਨਕਲੀ ਕੀਟਨਾਸ਼ਕ, ਦਵਾਈਆਂ, ਬੀਜ ਅਤੇ ਭੋਜਨ ਵੇਚਣ ਵਾਲੀਆਂ ਕੰਪਨੀਆਂ ਵਿਰੁੱਧ ਕਾਨੂੰਨ ਹੋਣਾ ਚਾਹੀਦਾ ਹੈ। ਨਾਲ ਹੀ ਸਰਕਾਰ ਨੂੰ ਖੁਦ ਫਸਲੀ ਬੀਮਾ ਕਰਨਾ ਚਾਹੀਦਾ ਹੈ।

9. ਮਿਰਚ-ਹਲਕੀ ਵਰਗੇ ਮਸਾਲਿਆਂ ਲਈ ਰਾਸ਼ਟਰੀ ਕਮਿਸ਼ਨ ਦਾ ਗਠਨ ਕੀਤਾ ਜਾਵੇ।

10. ਆਦਿਵਾਸੀ ਭਾਈਚਾਰੇ ਦੀਆਂ ਜ਼ਮੀਨਾਂ ਦੀ ਲੁੱਟ ਬੰਦ ਕੀਤੀ ਜਾਵੇ ਅਤੇ ਇਸ ਲਈ ਸੰਵਿਧਾਨ ਦੀ 5ਵੀਂ ਅਨੁਸੂਚੀ ਨੂੰ ਲਾਗੂ ਕੀਤਾ ਜਾਵੇ।

## ਪੰਜਾਬ ਵਿਜੀਲੈਂਸ ਵਲੋਂ ਕਾਨੂੰਗੋ ਸੁਤੰਤਰ ਸਿੰਘ ਲੱਖ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ 'ਚ ਗ੍ਰਿਫਤਾਰ

ਲੋਕ ਬਾਣੀ/ ਚੰਡੀਗੜ੍ਹ




ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਐਸ.ਬੀ.ਐਸ.ਨਗਰ ਜ਼ਿਲ੍ਹੇ ਦੇ ਕਸਬਾ ਰਾਹੋਂ ਦੇ ਇੱਕ ਸੇਵਾਮੁਕਤ ਕਾਨੂੰਗੋ ਸੁਤੰਤਰ ਸਿੰਘ ਨੂੰ ਇੱਕ ਲੱਖ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਵਿਜੀਲੈਂਸ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਵਿਰੁੱਧ ਇਹ ਕੇਸ ਤਹਿਸੀਲ ਨਵਾਂਸ਼ਹਿਰ ਦੇ ਪਿੰਡ ਛੋਕਰਾ ਦੇ ਵਸਨੀਕ ਹਰਮੇਲ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਉਸਦੇ ਪਰਿਵਾਰ ਦੀ ਜੱਦੀ ਜ਼ਮੀਨ ਦੀ ਵੰਡ ਸਬੰਧੀ ਚੱਲਦੇ ਇੱਕ ਕੇਸ ਵਿੱਚ ਮਦਦ ਕਰਨ ਬਦਲੇ ਇੱਕ ਲੱਖ ਰੁਪਏ ਦੀ ਰਿਸ਼ਵਤ ਲੈ ਚੁੱਕਾ ਹੈ ਅਤੇ ਤਹਿਸੀਲਦਾਰ ਅਤੇ ਪਟਵਾਰੀ ਦੇ ਨਾਮ ਉੱਪਰ ਹੁਣ ਇੱਕ ਲੱਖ ਰੁਪਏ ਹੋਰ ਰਿਸ਼ਵਤ ਮੰਗ ਰਿਹਾ ਹੈ।

ਸ਼ਿਕਾਇਤਕਰਤਾ ਨੇ ਉਕਤ ਕਾਨੂੰਗੋ ਵੱਲੋਂ ਰਿਸ਼ਵਤ ਦੀ ਮੰਗ ਕਰਦਿਆਂ ਕੀਤੀ ਗਈ ਮੰਗ ਦੀ ਰਿਕਾਰਡਿੰਗ ਵੀ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ।

ਇਸ ਸਬੰਧੀ ਵਿਜੀਲੈਂਸ ਰੇਂਜ ਜਲੰਧਰ ਨੇ ਸ਼ਿਕਾਇਤ ਦੀ ਪੜਤਾਲ ਕਰਕੇ ਦੋਸ਼ਾਂ ਨੂੰ ਸਹੀ ਤੇ ਦਰੁੱਸਤ ਪਾਇਆ ਤੇ ਇਸ ਪੜਤਾਲੀਆ ਰਿਪੋਰਟ ਦੇ ਆਧਾਰ 'ਤੇ ਉਕਤ ਮੁਲਜ਼ਮ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਮੁਕੱਦਮਾ ਦਰਜ ਕਰਕੇ ਉਸਨੂੰ ਗ੍ਰਿਫਤਾਰ ਕਰ ਲਿਆ ਹੈ।

## ਤਕਨੀਕੀ ਖਰਾਬੀ ਕਾਰਨ ਲੋਦੀਪੁਰ ਫਾਟਕ ਅੱਧਾ ਘੰਟਾ ਰਿਹਾ ਬੰਦ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 18 ਫਰਵਰੀ (ਦਵਿੰਦਰਪਾਲ ਸਿੰਘ)



: ਸ੍ਰੀ ਅਨੰਦਪੁਰ ਸਾਹਿਬ ਰੇਲਵੇ ਸਟੇਸ਼ਨ ਨੇੜੇ ਲੋਦੀਪੁਰ ਫਾਟਕ ਤਕਨੀਕੀ ਖਰਾਬੀ ਕਾਰਨ ਲਗਭੱਗ ਅੱਧਾ ਘੰਟਾ ਬੰਦ ਰਿਹਾ।ਜਿਸ ਕਾਰਨ ਫਾਟਕ ਦੇ ਦੋਵੇਂ ਪਾਸੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲਗ ਗਈਆਂ ਅਤੇ ਲੋਕਾਂ ਨੂੰ ਕਾਫੀ ਦਿਕਤਾਂ ਦਾ ਸਾਹਮਣਾ ਕਰਨਾ ਪਿਆ।

ਜਾਣਕਾਰੀ ਅਨੁਸਾਰ ਸ਼ਾਮ ਸਾਢੇ ਪੰਜ ਵਜੇ ਦੇ ਕਰੀਬ ਜਦੋਂ ਫਾਟਕ ਬੰਦ ਕੀਤਾ ਗਿਆ ਤਾਂ ਫਾਟਕ 'ਤੇ ਮੌਜੂਦ ਰੇਲਵੇ ਮੁਲਾਜ਼ਮਾਂ ਨੇ ਜਦੋਂ ਫਾਟਕ ਖੋਲ੍ਹਣ ਦੀ ਕੋਸ਼ਿਸ਼ ਕੀਤੀ ਤਾਂ ਫਾਟਕ ਨਾ ਖੁੱਲਿਆ ਅਤੇ ਇਕ ਪਾਸੇ ਲਾਇਆ ਬੈਰੀਕੇਡ ਦੋ ਫੁੱਟ ਖੁੱਲਣ ਤੋਂ ਬਾਅਦ ਵਿਚਕਾਰ ਹੀ ਫਸ ਗਿਆ। ਦੱਸਣਯੋਗ ਹੈ ਕਿ ਮੁੱਖ ਮਾਰਗ ਦੇ ਨਜਦੀਕ ਹੋਣ ਇੱਥੇ ਹਾਦਸਿਆਂ ਦਾ ਕਾਰਨ ਵੀ ਬਣਿਆ ਰਹਿੰਦਾ ਹੈ।

ਇਸ ਸੰਬੰਧੀ ਸਰਪੰਚ ਹਰਜਾਪ ਸਿੰਘ, ਹਰਦੀਪ ਸਿੰਘ, ਬਲਵਿੰਦਰ ਸਿੰਘ, ਬਲਦੇਵ ਸਿੰਘ ਆਦਿ ਨੇ ਦਸਿਆ ਕਿ ਲੋਧੀਪੁਰ ਫਾਟਕ ਦਿਨ ਵਿਚ ਕਈ ਵਾਰ ਬੰਦ ਹੋਣ ਕਾਰਨ ਆਮ ਲੋਕਾਂ ਨੂੰ ਭਾਰੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਇਸ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇ। ਇਸ ਸੰਬੰਧੀ ਸਥਾਨਕ ਸਟੇਸ਼ਨ ਮਾਸ਼ਟਰ ਸੰਜੀਵ ਕੁਮਾਰ ਦੱਸਿਆ ਕਿ ਫਾਟਕ ਵਿੱਚ ਤਕਨੀਕੀ ਨੁਕਸ ਪੈ ਗਿਆ ਸੀ। ਜਿਸ ਤੋਂ ਬਾਅਦ ਇਸ ਨੂੰ ਬਦਲਵੇ ਪ੍ਰਬੰਧ ਰਾਹੀਂ ਖੋਲਿਆ ਗਿਆ।

# ਪੰਜਾਬ ਸਰਕਾਰ 21 ਫ਼ਰਵਰੀ ਨੂੰ ਛੁੱਟੀ ਦਾ ਐਲਾਨ ਕਰੇ- ਮਹਿਤਾ

ਲੋਕ ਬਾਣੀ/ ਜੈਤੋ




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ ਸਬੰਧੀ ਕੀਤੇ ਜਾ ਰਹੇ ਸਮਾਗਮਾਂ ਦੀਆਂ ਤਿਆਰੀਆਂ ਦਾ ਜਾਇਜਾ ਲੈਣ ਪਹੁੰਚੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਇਸ ਇਤਿਹਾਸਕ ਸ਼ਤਾਬਦੀ ਮੌਕੇ 21 ਫ਼ਰਵਰੀ ਨੂੰ ਪੰਜਾਬ ਸਰਕਾਰ ਛੁੱਟੀ ਦਾ ਐਲਾਨ ਕਰੇ। ਉਹਨਾਂ ਕਿਹਾ ਕਿ ਇਹ ਇਤਿਹਾਸਕ ਮੌਕਾ ਹੈ, ਜਿਸ ਵਿੱਚ ਸੰਗਤਾਂ ਦੀ ਸ਼ਮੂਲੀਅਤ ਲਈ ਪੰਜਾਬ ਸਰਕਾਰ ਨੂੰ ਛੁੱਟੀ ਕਰਨੀ ਚਾਹੀਦੀ ਹੈ।

ਸਮਾਗਮਾਂ ਸਬੰਧੀ ਜਾਣਕਾਰੀ ਦਿੰਦਿਆ ਭਾਈ ਮਹਿਤਾ ਨੇ ਦੱਸਿਆ ਕਿ ਸ਼ਤਾਬਦੀ ਦਾ ਮੁੱਖ ਸਮਾਗਮ 21 ਫ਼ਰਵਰੀ 2024 ਨੂੰ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਜੈਤੋ (ਫਰੀਦਕੋਟ) ਵਿਖੇ ਹੋਵੇਗਾ, ਜਦਕਿ ਇਸ ਤੋਂ ਪਹਿਲਾਂ 19 ਅਤੇ 20 ਫ਼ਰਵਰੀ ਨੂੰ ਵੀ ਵੱਖ-ਵੱਖ ਸਮਾਗਮ ਰੱਖੇ ਗਏ ਹਨ। ਉਨ੍ਹਾ ਕਿਹਾ ਕਿ ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ ਦੇ ਸਮਾਗਮ ਖ਼ਾਲਸਈ ਜਾਹੋ-ਜਲਾਲ ਨਾਲ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ 19 ਫ਼ਰਵਰੀ ਨੂੰ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਜੈਤੋ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣ ਉਪਰੰਤ ਵਿਸ਼ਾਲ ਨਗਰ ਕੀਰਤਨ (ਸ਼ਹੀਦੀ ਮਾਰਚ) ਸਜਾਇਆ ਜਾਵੇਗਾ, ਜੋ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਪਹੁੰਚ ਕੇ ਸੰਪੂਰਨ ਹੋਵੇਗਾ। 20 ਫ਼ਰਵਰੀ ਨੂੰ ਵੱਖ-ਵੱਖ ਗੁਰਮਤਿ ਮਿਸ਼ਨਰੀ ਕਾਲਜਾਂ ਦੇ ਵਿਦਿਆਰਥੀ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਕਰਨਗੇ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਲੈਕਚਰ, ਕਵਿਤਾ ਤੇ ਕਵੀਸ਼ਰੀ ਵਾਰਾਂ ਰਾਹੀਂ ਇਤਿਹਾਸ ਨੂੰ ਬਿਆਨ ਕੀਤਾ ਜਾਵੇਗਾ। ਭਾਈ ਮਹਿਤਾ ਨੇ ਕਿਹਾ ਕਿ 20 ਫ਼ਰਵਰੀ ਨੂੰ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਵੇਗਾ ਅਤੇ ਜੈਤੋ ਮੋਰਚੇ ਦੇ ਇਤਿਹਾਸ ਬਾਰੇ ਉਚੇਚੇ ਤੌਰ 'ਤੇ ਤਿਆਰ ਕੀਤੀ ਗਈ ਡਾਕੂਮੈਂਟਰੀ ਵੀ ਵਿਖਾਈ ਜਾਵੇਗੀ। ਉਨ੍ਹਾਂ ਦੱਸਿਆ ਕਿ 21 ਫ਼ਰਵਰੀ 2024 ਨੂੰ ਸ਼ਤਾਬਦੀ ਦੇ ਮੁੱਖ ਸਮਾਗਮ ਵਿਚ ਪੰਥ ਪ੍ਰਸਿੱਧ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰ ਜਥੇ ਸੰਗਤਾਂ ਨੂੰ ਗੁਰੂ-ਜਸ ਨਾਲ ਜੋੜਨਗੇ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸਿੰਘ ਸਾਹਿਬਾਨ, ਤਖ਼ਤ ਸਾਹਿਬਾਨ ਜਥੇਦਾਰ ਤੇ ਪੰਥ ਦੀਆਂ ਪ੍ਰਮੁੱਖ਼ ਸ਼ਖ਼ਸੀਅਤਾਂ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੀਆਂ। ਉਹਨਾਂ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ ਮੌਕੇ ਭਰਵੀਂ ਹਾਜ਼ਰੀ ਵਿੱਚ ਪੁੱਜਣ ਦੀ ਅਪੀਲ ਕੀਤੀ। ਇਸ ਮੌਕੇ ਭਾਈ ਮਹਿਤਾ ਨਾਲ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਇੰਚਾਰਜ ਸ. ਕਰਤਾਰ ਸਿੰਘ, ਮੈਨੇਜਰ ਸ. ਜਰਨੈਲ ਸਿੰਘ, ਮੈਨੇਜਰ ਸ. ਸੁਖਰਾਜ ਸਿੰਘ ਤੇ ਹੈੱਡ ਪ੍ਰਚਾਰਕ ਸ. ਸਰਬਜੀਤ ਸਿੰਘ ਢੋਟੀਆ ਹਾਜ਼ਰ ਸਨ।

# 200 ਅਧਿਆਪਕਾਂ ਨੂੰ ਮਿਲਿਆ ਵਿਸ਼ੇਸ਼ ਸਨਮਾਨ

ਲੋਕ ਬਾਣੀ/ ਮਲੇਰਕੋਟਲਾ



ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੀ ਸ਼ੁਰੂਆਤ ਅਤੇ ਖੇਡਾਂ ਦੇ ਖੇਤਰ ਵਿੱਚ ਹੋਰ ਅੱਗੇ ਲਿਜਾਣ ਲਈ ਜ਼ਮੀਨੀ ਪੱਧਰ ਉੱਤੇ ਖਿਡਾਰੀਆਂ ਦੀ ਭਾਲ ਅਤੇ ਪ੍ਰਤਿਭਾ ਨਿਖਾਰਨ ਲਈ ਪਿਛਲੇ ਦਿਨੀਂ ਮਾਲੇਰਕੋਟਲਾ ਵਿਖੇ ਰਾਜ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ ਆਯੋਜਨ ਕੀਤਾ ਗਿਆ ਸੀ।

ਇਨ੍ਹਾਂ ਰਾਜ ਪੱਧਰੀ ਖੇਡ ਮੁਕਾਬਲਿਆ ਵਿੱਚ ਸੰਚਾਰੂ ਭੂਮਿਕਾਂ ਨਿਭਾਉਣ ਵਾਲੇ ਕਰੀਬ 200 ਅਧਿਕਾਪਕਾਂ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਸਨਮਾਨ ਵਿਧਾਇਕ ਮਾਲੇਰਕੋਟਲਾ ਡਾ ਜਮੀਲ ਉਰ ਰਹਿਮਾਨ ਨੇ ਦਫਤਰ ਐਲੀਮੈਂਟਰੀ ਸਿੱਖਿਆ ਮਾਲੇਰਕੋਟਲਾ ਵਲੋਂ ਉਲੀਕੇ ਸਮਾਗਮ ਦੌਰਾਨ ਪੰਜਾਬ ਉਰਦੂ ਅਕਾਦਮੀ ਵਿਖੇ ਕੀਤਾ।

ਇਸ ਮੌਕੇ ਅਹਿਮ ਭੂਮਿਕਾਂ ਨਿਭਾਉਣ ਵਾਲੇ ਸਰਕਾਰੀ ਪ੍ਰਾਇਮਰੀ ਸਕੂਲ ਨਵਾਬਗੰਜ ਦੇ ਸਟਾਫ, ਸੀਨੀਅਰ ਸੈਕੰਡਰੀ ਅਧਿਆਪਕਾਂ ਤੋਂ ਇਲਾਵਾ ਵੱਖ ਵੱਖ ਸਕੂਲਾਂ ਅਤੇ ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ ਵਿਖੇ ਤਾਇਨਾਤ ਦਫਤਰੀ ਸਟਾਫ ਨੂੰ ਵੀ ਸਨਮਾਨਿਤ ਕੀਤਾ ਗਿਆ।

ਵਿਧਾਇਕ ਮਾਲੇਰਕੋਟਲਾ ਡਾ ਜਮੀਲ ਉਰ ਰਹਿਮਾਨ ਨੇ ਸਿੱਖਿਆ ਕਰਮੀਆਂ ਨੂੰ ਸਬੋਧੰਨ ਕਰਦਿਆ ਕਿਹਾ ਕਿ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਮੁੜ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲਗਾਤਾਰ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਪੰਜਾਬ ਮੁੜ ਖੇਡਾਂ ਦੇ ਖੇਤਰ ਵਿਚ ਦੇਸ਼ ਵਿਚੋਂ ਮੋਹਰੀ ਸੂਬਾ ਬਣਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਪੰਜਾਬੀਆਂ ਵਿੱਚ ਅਥਾਹ ਸਮਰੱਥਾ ਹੈ ਅਤੇ ਸੂਬਾ ਸਰਕਾਰ ਇਸੇ ਪ੍ਰਤਿਭਾ ਦੀ ਸ਼ਨਾਖ਼ਤ ਕਰਕੇ ਉੱਭਰਦੇ ਖਿਡਾਰੀਆਂ ਨੂੰ ਮੰਚ ਮੁਹੱਈਆ ਕਰਵਾਉਣ ਲਈ ਕੰਮ ਕਰ ਰਹੀ ਹੈ।

ਵਿਧਾਇਕ ਮਾਲੇਰਕੋਟਲਾ ਡਾ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਵਿਦਿਆਰਥੀ ਦੀ ਜ਼ਿੰਦਗੀ ਵਿੱਚ ਅਧਿਆਪਕ ਦੀ ਭੂਮਿਕਾ ਸਭ ਤੋਂ ਅਹਿਮ ਹੁੰਦੀ ਹੈ ਕਿਉਂਕਿ ਅਧਿਆਪਕ ਵੱਲੋਂ ਦਿੱਤੀ ਸਿੱਖਿਆ ਹੀ ਉਸ ਨੂੰ ਜ਼ਿੰਦਗੀ 'ਚ ਕਾਮਯਾਬੀ ਵੱਲ ਲੈਕੇ ਜਾਂਦੀ ਹੈ।

ਉਨ੍ਹਾਂ ਅਧਿਆਪਕਾਂ ਨੂੰ ਸਨਮਾਨਤ ਕਰਦਿਆਂ ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਧਿਆਪਕ ਕੌਮ ਦੇ ਨਿਰਮਾਤਾ ਹਨ, ਇਨ੍ਹਾਂ ਦਾ ਕੰਮ ਹੀ ਸਮਾਜ ਅਤੇ ਦੇਸ਼ ਲਈ ਸੇਵਾ ਹੈ। ਅਧਿਆਪਕਾਂ ਨੂੰ ਪ੍ਰੇਰਿਤ ਕਰਦੇ ਹੋਏ ਉਹਨਾਂ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਦੀਆਂ ਪ੍ਰਤਿਭਾਵਾਂ ਨੂੰ ਪਹਿਚਾਣ ਕੇ ਉਹਨਾਂ ਨੂੰ ਅੱਗੇ ਵਧਾਉਣ ਲਈ ਮਾਰਗ ਦਰਸ਼ਕ ਬਣਨ।

ਉਨ੍ਹਾਂ ਹੋਰ ਕਿਹਾ ਕਿ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਮੁੜ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਤਹਿਤ ਖੇਡਾਂ ਨੂੰ ਸੁਚਾਰੂ ਤਰੀਕੇ ਨਾਲ ਚਲਾਉਣ ਲਈ ਖੇਡ ਐਸੋਸੀਏਸ਼ਨਾਂ ਲਈ ਸਪੋਰਟਸ ਕੋਡ ਬਣਾਇਆ ਗਿਆ ਹੈ।

ਇਸ ਕੋਡ ਨੂੰ ਲਾਗੂ ਕਰਨ ਤੋਂ ਪਹਿਲਾਂ ਲੋਕਾਂ ਦੀ ਰਾਏ ਵੀ ਮੰਗੀ ਗਈ ਹੈ ਤਾਂ ਜੋ ਇਸ ਨੂੰ ਹੋਰ ਵੀ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕੀਤਾ ਜਾ ਸਕੇ। ਕੋਈ ਵੀ ਚਾਹਵਾਨ ਵਿਅਕਤੀ 10 ਮਾਰਚ 2024 ਤੱਕ ਕੋਡ ਸਬੰਧੀ ਵਿਭਾਗ ਦੀ ਈਮੇਲ dir.sportspb'punjab.gov.in ਉਪਰ ਸੁਝਾਅ ਦੇ ਸਕਦਾ ਹੈ ਤਾਂ ਜੋ ਸਪੋਰਟਸ ਕੋਡ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਲੋਕ ਰਾਏ ਅਤੇ ਖੇਡਾਂ ਨਾਲ ਜੁੜੇ ਲੋਕਾਂ ਦੇ ਸੁਝਾਵਾਂ ਨੂੰ ਸ਼ਾਮਲ ਕੀਤਾ ਜਾ ਸਕੇ।

# ਪੰਜਾਬ ਦੇ ਸਾਰੇ ਟੌਲ ਪਲਾਜ਼ੇ ਹੋਏ ਫਰੀ, ਲੋਕਾਂ ਨੂੰ ਮਿਲੀ ਵੱਡੀ ਰਾਹਤ

ਲੋਕ ਬਾਣੀ/ ਚੰਡੀਗੜ੍ਹ-




ਸ਼ੰਭੂ ਬਾਰਡਰ 'ਤੇ ਕਿਸਾਨਾਂ ਦੇ ਅੰਦੋਲਨ ਦੌਰਾਨ ਇਕ ਵੱਡੀ ਖਬਰ ਸਾਹਮਣੇ ਆਈ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ (ਬੀਕੇਯੂ) ਨੇ ਦੋ ਦਿਨਾਂ ਲਈ ਟੌਲ ਪਲਾਜ਼ੇ ਫਰੀ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਤੋਂ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਫਰੀ ਹੋ ਗਏ ਹਨ ਅਤੇ ਸਾਰੇ ਵਾਹਨ ਬਿਨਾਂ ਟੋਲ ਅਦਾ ਕੀਤੇ ਉਥੋਂ ਲੰਘ ਰਹੇ ਹਨ। ਦਰਅਸਲ ਬੀਕੇਯੂ ਨੇ ਕਿਹਾ ਹੈ ਕਿ ਉਹ 2 ਦਿਨਾਂ ਤੱਕ ਪੰਜਾਬ ਦੇ ਟੋਲ ਪਲਾਜ਼ਿਆਂ 'ਤੇ ਧਰਨਾ ਦੇਵੇਗੀ। ਦੱਸਿਆ ਜਾ ਰਿਹਾ ਹੈ ਕਿ ਧਰਨਾਕਾਰੀ ਕਿਸਾਨਾਂ 'ਤੇ ਹਰਿਆਣਾ ਪੁਲਸ ਦੀ ਕਾਰਵਾਈ ਦਾ ਵਿਰੋਧ ਕਰ ਰਹੇ ਹਨ, ਜਿਸ ਕਾਰਨ ਪੰਜਾਬ ਦੇ ਸਾਰੇ ਟੋਲ ਪਲਾਜ਼ਿਆਂ 'ਤੇ ਧਰਨਾ ਦਿੱਤਾ ਜਾਵੇਗਾ।

ਕੇਂਦਰ ਤੋਂ ਆਪਣੀਆਂ ਲਟਕਦੀਆਂ ਮੰਗਾਂ ਨੂੰ ਲੈ ਕੇ ਕਿਸਾਨ ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨ ਕਰ ਰਹੇ ਹਨ। ਦੱਸ ਦੇਈਏ ਕਿ ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨ ਕਰ ਰਹੇ ਹਨ। ਕੇਂਦਰੀ ਮੰਤਰੀਆਂ ਅਤੇ ਕਿਸਾਨ ਜਥੇਬੰਦੀਆਂ ਵਿਚਾਲੇ ਚੰਡੀਗੜ੍ਹ ਵਿੱਚ ਸੱਦੀ ਗਈ ਤੀਜੀ ਮੀਟਿੰਗ ਵੀ ਬੇਸਿੱਟਾ ਰਹੀ ਹੈ। ਦੱਸ ਦੇਈਏ ਕਿ ਕੇਂਦਰੀ ਮੰਤਰੀਆਂ ਨਾਲ ਲੰਘੀ ਸ਼ਾਮ ਬੁਲਾਈ ਗਈ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਸਫਲ ਨਹੀਂ ਹੋ ਸਕੀ, ਜਿਸ ਤੋਂ ਬਾਅਦ ਕਿਸਾਨਾਂ ਨੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੀ ਚਿਤਾਵਨੀ ਦਿੱਤੀ ਹੈ।



publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਉਗਰਾਹਾਂ ਵੱਲੋਂ ਸੁਨੀਲ ਜਾਖੜ, ਕੈਪਟਨ ਅਮਰਿੰਦਰ ਅਤੇ ਕੇਵਲ ਢਿੱਲੋਂ ਦੇ ਘਰਾਂ ਅੱਗੇ ਧਰਨੇ

ਲੋਕ ਬਾਣੀ/ ਚੰਡੀਗੜ੍ਹ



ਐਮ.ਐਸ.ਪੀ ਦੀ ਕਾਨੂੰਨੀ ਗਰੰਟੀ ਸਮੇਤ ਭਖਦੀਆਂ ਕਿਸਾਨੀ ਮੰਗਾਂ ਖਾਤਰ ਦਿੱਲੀ ਜਾਣ ਲਈ ਸ਼ੰਭੂ ਤੇ ਖਨੌਰੀ ਬਾਡਰਾਂ 'ਤੇ ਡਟੇ ਕਿਸਾਨਾਂ ਨਾਲ ਤਾਲਮੇਲਵੇਂ ਸੰਘਰਸ਼ ਵਜੋਂ ਅੱਜ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਸੱਦੇ 'ਤੇ ਮੋਦੀ ਸਰਕਾਰ ਨੂੰ ਸਿਆਸੀ ਝਟਕਾ ਦੇਣ ਲਈ ਪ੍ਰਮੁੱਖ ਭਾਜਪਾ ਆਗੂਆਂ ਸੁਨੀਲ ਕੁਮਾਰ ਜਾਖੜ, ਕੈਪਟਨ ਅਮਰਿੰਦਰ ਸਿੰਘ ਅਤੇ ਕੇਵਲ ਸਿੰਘ ਢਿੱਲੋਂ ਦੇ ਘਰਾਂ ਅੱਗੇ ਅਤੇ 13 ਜ਼ਿਲ੍ਹਿਆਂ ਵਿੱਚ 21 ਟੌਲ ਫ੍ਰੀ ਕਰਨ ਲਈ ਦਿਨ-ਰਾਤ ਦੇ ਦੋ ਰੋਜ਼ਾ ਧਰਨਿਆਂ ਵਿੱਚ ਔਰਤਾਂ ਅਤੇ ਨੌਜਵਾਨਾਂ ਸਮੇਤ ਹਜ਼ਾਰਾਂ ਕਿਸਾਨ ਮਜ਼ਦੂਰ ਡਟ ਚੁੱਕੇ ਹਨ।

ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾ ਵੱਲੋਂ ਪ੍ਰੈੱਸ ਦੇ ਨਾਂ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਗਿਆ ਹੈ ਕਿ ਧਰਨਿਆਂ ਦੀ ਸ਼ੁਰੂਆਤ ਬੀਤੇ ਦਿਨ ਸ਼ੰਭੂ ਬਾਰਡਰ 'ਤੇ ਆਇਆ ਸ਼ਹੀਦ ਕਿਸਾਨ ਗਿਆਨ ਸਿੰਘ ਨੂੰ ਸ਼ਰਧਾਂਜਲੀ ਭੇਂਟ ਕਰਨ ਰਾਹੀਂ ਕੀਤੀ ਗਈ। ਮੋਦੀ ਭਾਜਪਾ ਸਰਕਾਰ ਦੇ ਕਿਸਾਨ ਦੁਸ਼ਮਣ ਵਤੀਰੇ ਨੂੰ ਮੁੱਖ ਰੱਖਦਿਆਂ ਜਥੇਬੰਦੀ ਵੱਲੋਂ ਪਹਿਲਾਂ ਐਲਾਨ ਕੀਤਾ ਹੋਇਆ 24 ਫਰਵਰੀ ਤੋਂ ਪੰਜਾਬ ਸਰਕਾਰ ਵਿਰੁੱਧ ਅਣਮਿਥੇ ਸਮੇਂ ਦਾ ਚੰਡੀਗੜ੍ਹ ਮੋਰਚਾ ਅਣਮਿਥੇ ਸਮੇਂ ਲਈ ਮੁਲਤਵੀ ਕਰਕੇ ਸਾਂਝੇ ਮੁਲਕ ਪੱਧਰੇ ਕਿਸਾਨ ਘੋਲ ਨੂੰ ਅੱਗੇ ਵਧਾਉਣ ਲਈ ਕੌਮੀ ਸੰਯੁਕਤ ਕਿਸਾਨ ਮੋਰਚੇ ਦਾ ਅਗਲਾ ਸੱਦਾ ਆਉਣ ਤੱਕ ਇਹ ਫੈਸਲਾ ਕੀਤਾ ਗਿਆ ਹੈ।

ਅਗਲੇ ਸੱਦੇ ਲਈ ਜ਼ੂਮ ਮੀਟਿੰਗ ਅੱਜ ਰਾਤ ਨੂੰ ਹੀ ਹੋ ਰਹੀ ਹੈ। ਵੱਖ-ਵੱਖ ਥਾਵਾਂ ਤੇ ਸੰਬੋਧਨ ਕਰਤਾ ਬੁਲਾਰਿਆਂ ਵੱਲੋਂ ਸ਼ੰਭੂ ਤੇ ਖਨੌਰੀ ਬਾਡਰਾਂ ਉੱਤੇ ਡਟੇ ਹੋਏ ਸੰਘਰਸ਼ਸ਼ੀਲ ਕਿਸਾਨਾਂ ਤੇ ਕਿਸਾਨ ਆਗੂਆਂ ਨੂੰ 15 ਫਰਵਰੀ ਵਾਲੇ ਦਿਨ 14 ਥਾਵਾਂ 'ਤੇ ਰੇਲਾਂ ਰੋਕਣ ਅਤੇ 6 ਟੌਲ ਫ੍ਰੀ ਕਰਨ ਰਾਹੀਂ ਅਤੇ ਅੱਜ ਦੇ ਇਨ੍ਹਾਂ ਧਰਨਿਆਂ ਰਾਹੀਂ ਸੁਨੇਹਾ ਦਿੱਤਾ ਗਿਆ ਹੈ ਕਿ ਅਸੀਂ ਇਸ ਕਿਸਾਨ ਸੰਘਰਸ਼ ਨੂੰ ਸਾਰੀਆਂ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਦਾ ਤਾਲਮੇਲਵਾਂ ਕੌਮੀ ਸੰਘਰਸ ਬਣਾਉਣ ਲਈ ਜੀ ਜਾਨ ਨਾਲ ਕੁੱਦਣ ਦਾ ਫੈਸਲਾ ਕਰ ਲਿਆ ਹੈ, ਜਚ ਕੇ ਡਟੇ ਰਹੋ। ਹੋਰ ਵੀ ਚੰਗਾ ਹੋਣਾ ਸੀ ਜੇਕਰ ਇਹ ਸੰਘਰਸ਼ ਵਿੱਢਣ ਤੋਂ ਪਹਿਲਾਂ ਹੀ ਸਾਰੀਆਂ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਦਾ ਸਾਂਝਾ/ਤਾਲਮੇਲਵਾਂ ਸੰਘਰਸ਼ ਬਣਾਉਣ ਦੇ ਗੰਭੀਰ ਯਤਨ ਕੀਤੇ ਜਾਂਦੇ। ਪਰ ਅਜੇ ਵੀ ਡੁੱਲ੍ਹੇ ਬੇਰਾਂ ਦਾ ਕੁੱਝ ਨਹੀਂ ਵਿਗੜਿਆ। ਆਪਸੀ ਮੱਤਭੇਦਾਂ ਨੂੰ ਪਾਸੇ ਰੱਖਦਿਆਂ ਇੱਕਜੁੱਟ ਹੋ ਕੇ ਤਾਲਮੇਲਵੇਂ ਸਾਂਝੇ ਸੰਘਰਸ਼ ਰਾਹੀਂ ਫ਼ਿਰਕੂ, ਭੜਕਾਊ ਤੇ ਫੁੱਟਪਾਊ ਅਨਸਰਾਂ ਸਮੇਤ ਮੋਦੀ ਸਰਕਾਰ ਨੂੰ ਕਰਾਰੀ ਮਾਤ ਦਿੱਤੀ ਜਾ ਸਕਦੀ ਹੈ। ਆਗੂਆਂ ਨੇ ਜ਼ੋਰ ਦਿੱਤਾ ਕਿ ਮੋਦੀ ਸਰਕਾਰ ਵੱਲੋਂ ਕਿਸਾਨਾਂ ਦੇ ਜੇਤੂ ਦਿੱਲੀ ਘੋਲ ਨੂੰ ਮੁਲਤਵੀ ਕਰਨ ਮੌਕੇ ਕੀਤੇ ਗਏ ਐਮ ਐਸ ਪੀ ਦੀ ਕਾਨੂੰਨੀ ਗਰੰਟੀ ਵਰਗੇ ਲਿਖਤੀ ਵਾਅਦੇ ਲਾਗੂ ਕਰਨ ਤੋਂ ਲਗਾਤਾਰ ਦੋ ਸਾਲ ਟਾਲਾ ਵੱਟਣ ਅਤੇ ਅੱਜ ਵੀ ਕਿਸਾਨਾਂ ਦੇ ਜਮਹੂਰੀ ਹੱਕਾਂ ਨੂੰ ਕੁਚਲਣ ਅਤੇ ਮੰਗਾਂ ਮੰਨਣ ਤੋਂ ਬਾਰ ਬਾਰ ਨਾਂਹ ਕਰਨ ਦੇ ਤਾਨਾਸ਼ਾਹੀ ਜਾਬਰ ਹੱਲੇ ਨੂੰ ਧਰਮਾਂ, ਜਾਤਾਂ, ਇਲਾਕਿਆਂ ਆਦਿ ਦੀਆਂ ਵਲਗਣਾਂ ਤੋਂ ਉਪਰ ਉਠ ਕੇ ਵਿਸ਼ਾਲ ਸਾਂਝੇ ਸੰਘਰਸ਼ ਰਾਹੀਂ ਹੀ ਮਾਤ ਦਿੱਤੀ ਜਾ ਸਕਦੀ ਹੈ। ਉਨ੍ਹਾਂ ਮੋਦੀ ਸਰਕਾਰ ਨੂੰ ਤਾੜਨਾ ਕੀਤੀ ਕਿ ਹੁਣ ਲੁਟੇਰਿਆਂ ਪੱਖੀ ਜਾਬਰ ਨੀਤੀਆਂ ਦਾ ਹਿਸਾਬ ਕਿਤਾਬ ਚੁਕਤਾ ਕਰ ਕੇ ਹੀ ਕਿਸਾਨ ਦਮ ਲੈਣਗੇ।

ਅੱਜ ਸੰਬੋਧਨਕਰਤਾ ਮੁੱਖ ਆਗੂਆਂ ਵਿੱਚ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾਂ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਦੀਪ ਸਿੰਘ ਟੱਲੇਵਾਲ ਤੇ ਹਰਿੰਦਰ ਕੌਰ ਬਿੰਦੂ ਤੋਂ ਇਲਾਵਾ ਹੋਰ ਸੂਬਾ/ਜ਼ਿਲ੍ਹਾ/ਬਲਾਕ ਪੱਧਰੇ ਆਗੂ ਸ਼ਾਮਲ ਸਨ। ਕਿਸਾਨ ਆਗੂਆਂ ਨੇ ਦੱਸਿਆ ਕਿ ਇਸ ਸੰਘਰਸ਼ ਦੀਆਂ ਮੰਗਾਂ ਵਿੱਚ ਸਾਰੀਆਂ ਫਸਲਾਂ ਦੀ ਲਾਭਕਾਰੀ ਐਮ ਐਸ ਪੀ ਦੀ ਕਾਨੂੰਨੀ ਗਰੰਟੀ, ਕਿਸਾਨਾਂ ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਕਤੀ, ਲਖੀਮਪੁਰ ਦੇ ਸ਼ਹੀਦਾਂ ਦੇ ਵਾਰਸਾਂ ਨੂੰ ਪੂਰਾ ਇਨਸਾਫ਼, ਸਰਬਵਿਆਪੀ ਜਨਤਕ ਵੰਡ ਪ੍ਰਣਾਲੀ, ਪੂਰੀ ਭਰਪਾਈ ਵਾਲੀ ਫ਼ਸਲੀ ਬੀਮਾ ਯੋਜਨਾ, ਕਿਸਾਨ ਘੋਲ ਦੇ ਸ਼ਹੀਦਾਂ ਦੇ ਵਾਰਸਾਂ ਨੂੰ ਮੁਆਵਜ਼ਾ ਤੇ ਨੌਕਰੀਆਂ, ਇਨ੍ਹਾਂ ਸ਼ਹੀਦਾਂ ਦੀ ਕੌਮੀ ਯਾਦਗਾਰ ਵਰਗੇ ਭਖਦੇ ਕਿਸਾਨੀ ਮਸਲੇ ਸ਼ਾਮਲ ਹਨ।

## ਸ਼ਰਾਬ ਘੁਟਾਲਾ ਮਾਮਲੇ 'ਚ ਕੇਜਰੀਵਾਲ ਅਦਾਲਤ 'ਚ ਪੇਸ਼

ਲੋਕ ਬਾਣੀ/ ਨਵੀਂ ਦਿੱਲੀ:



ਦਿੱਲੀ ਦੇ ਸੀਐਮ ਅਰਵਿੰਦ ਕੇਜਰੀਵਾਲ ਅੱਜ ਅਦਾਲਤ ਵਿੱਚ ਇਸ ਗੱਲ ਦਾ ਜਵਾਬ ਦੇਣ ਲਈ ਪੇਸ਼ ਹੋਏ, ਕਿ ਉਨ੍ਹਾਂ ਨੇ ਦਿੱਲੀ ਸ਼ਰਾਬ ਨੀਤੀ ਮਾਮਲੇ ਵਿੱਚ ਈਡੀ ਵੱਲੋਂ ਜਾਰੀ ਕੀਤੇ ਪੰਜ ਸੰਮਨਾਂ ਦਾ ਜਵਾਬ ਕਿਉਂ ਨਹੀਂ ਦਿੱਤਾ ? ਅਦਾਲਤ ਨੇ ਉਸ ਨੂੰ 16 ਮਾਰਚ ਨੂੰ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਹੁਕਮ ਦਿੱਤੇ ਹਨ।

ਦਰਅਸਲ, ਅਰਵਿੰਦ ਕੇਜਰੀਵਾਲ ਨੇ ਅੱਜ ਸਰੀਰਕ ਦਿੱਖ ਤੋਂ ਛੋਟ ਲਈ ਅਰਜ਼ੀ ਦਾਇਰ ਕੀਤੀ ਸੀ। ਉਨ੍ਹਾਂ ਦੇ ਵਕੀਲ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਣ ਦੀ ਇਜਾਜ਼ਤ ਮੰਗੀ ਸੀ। ਕੇਜਰੀਵਾਲ ਦੇ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਅੱਜ ਬਜਟ ਸੈਸ਼ਨ ਹੈ, ਭਰੋਸੇ ਦਾ ਮਤਾ ਵੀ ਸਦਨ 'ਚ ਪੇਸ਼ ਕੀਤਾ ਜਾਣਾ ਹੈ, ਇਸ ਲਈ ਉਨ੍ਹਾਂ ਨੂੰ ਮੀਟਿੰਗ 'ਚ ਸ਼ਾਮਲ ਹੋਣਾ ਪਵੇਗਾ।

ਆਪਣੇ ਵਕੀਲ ਰਾਹੀਂ ਸੀਐਮ ਕੇਜਰੀਵਾਲ ਨੇ ਕਿਹਾ, ਮੈਂ ਅੱਜ ਆਉਣਾ ਚਾਹੁੰਦਾ ਸੀ, ਪਰ ਅਚਾਨਕ ਭਰੋਸੇ ਦਾ ਪ੍ਰਸਤਾਵ ਚਲਾ ਗਿਆ ਅਤੇ ਬਜਟ ਸੈਸ਼ਨ ਵੀ ਚੱਲ ਰਿਹਾ ਹੈ, ਇਸ ਲਈ ਮੀਟਿੰਗ ਚੱਲ ਰਹੀ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ 16 ਮਾਰਚ ਨੂੰ ਰਾਊਸ ਐਵੇਨਿਊ ਅਦਾਲਤ ਵਿੱਚ ਹੋਵੇਗੀ। ਹੁਣ ਕੇਜਰੀਵਾਲ ਨੂੰ 16 ਮਾਰਚ ਨੂੰ ਖੁਦ ਪੇਸ਼ ਹੋਣਾ ਪਵੇਗਾ।

ਦੱਸ ਦੇਈਏ ਕਿ ਦਿੱਲੀ ਸ਼ਰਾਬ ਨੀਤੀ ਘਪਲੇ ਦੇ ਮਾਮਲੇ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਅਰਵਿੰਦ ਕੇਜਰੀਵਾਲ ਨੂੰ ਪੁੱਛਗਿੱਛ ਲਈ ਹੁਣ ਤੱਕ ਪੰਜ ਸੰਮਨ ਭੇਜੇ ਹਨ, ਪਰ ਉਹ ਇੱਕ ਵਾਰ ਵੀ ਈਡੀ ਦਫ਼ਤਰ ਨਹੀਂ ਪਹੁੰਚੇ। ਹੁਣ ਈਡੀ ਨੇ ਉਨ੍ਹਾਂ ਨੂੰ ਛੇਵਾਂ ਸੰਮਨ ਭੇਜਿਆ ਹੈ।ਇਸ ਦਾ ਜਵਾਬ ਦੇਣ ਲਈ ਅੱਜ ਕੇਜਰੀਵਾਲ ਦਿੱਲੀ ਦੀ ਅਦਾਲਤ ਵਿੱਚ ਪੇਸ਼ ਹੋਏ।

ਇਸ ਦੌਰਾਨ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪੇਸ਼ ਕੀਤੇ ਗਏ ਭਰੋਸੇ ਦੇ ਮਤੇ 'ਤੇ ਅੱਜ ਦਿੱਲੀ ਵਿਧਾਨ ਸਭਾ 'ਚ ਚਰਚਾ ਹੋਵੇਗੀ। ਮਤਾ ਪੇਸ਼ ਕਰਦੇ ਹੋਏ ਅਰਵਿੰਦ ਕੇਜਰੀਵਾਲ ਨੇ ਭਾਜਪਾ 'ਤੇ ਹਮਲਾ ਬੋਲਿਆ ਅਤੇ 'ਆਪ' ਵਿਧਾਇਕਾਂ 'ਤੇ ਹਾਰਸ ਟਰੇਡਿੰਗ ਦਾ ਦੋਸ਼ ਲਗਾਇਆ।

## ਸੀ ਆਈ ਟੀ ਚੋਣਾਂ ਵਿੱਚ ਐਡਵੋਕੇਟ ਗੋਰਵ ਅਰੋੜਾ ਬਣੇ ਪੰਜਾਬ ਪ੍ਰਧਾਨ

ਲੋਕ ਬਾਣੀ/ ਲੁਧਿਆਣਾ( ਸੁਖਚੈਨ ਮਹਿਰਾ)



ਮਹਾਂਨਗਰ ਦੇ ਇਲਾਕਾ ਕੋਟ ਮੰਗਲ ਸਿੰਘ ਵਿਖੇ ਕ੍ਰਾਈਮ ਇਨਵੈਸਟੀਗੇਸ਼ਨ ਟੀਮ ਰਜਿ ਵੱਲੋਂ ਚੋਣਾਂ ਕਰਵਾਈਆਂ ਗਈਆਂ ਜਿਸ ਵਿੱਚ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਤੋਂ ਆਏ ਪ੍ਰਧਾਨਾ ਨੇ ਅਤੇ ਮੈਂਬਰਾਂ ਨੇ ਵੋਟਿੰਗ ਕੀਤੀ ਅਤੇ ਪੰਜਾਬ ਪ੍ਰਧਾਨ ਦੀ ਚੋਣ ਪ੍ਰਕਿਰਿਆ ਪੂਰੀ ਕੀਤੀ ਗਈ।ਜਿਸ ਐਡਵੋਕੇਟ ਗੋਰਵ ਅਰੋੜਾ ਜੀ ਜੋ ਕਿ ਪੰਜਾਬ ਪ੍ਰਧਾਨ ਦੀ ਪੋਸਟ ਉਤੇ ਚੋਣਾਂ ਲੜ ਰਹੇ ਸਨ ਉਹ 30 ਵੋਟਾਂ ਦੇ ਫਰਕ ਨਾਲ ਜੇਤੂ ਰਹੇ ਅਤੇ ਸਭ ਦੀ ਸਹਿਮਤੀ ਨਾਲ ਪੰਜਾਬ ਪ੍ਰਧਾਨ ਬਣੇ।ਪੰਜਾਬ ਪ੍ਰਧਾਨ ਬਣਨ ਤੋਂ ਬਾਅਦ ਉਨ੍ਹਾਂ ਨੇ ਆਪਣੀ ਟੀਮ ਘੋਸ਼ਿਤ ਕੀਤੀ ਜਿਸ ਵਿੱਚ ਜਸਵੀਰ ਕਲੋਤਰਾ ਨੂੰ ਪੰਜਾਬ ਦੇ ਵਾਇਸ ਪ੍ਰਧਾਨ ਨਿਯੁਕਤ ਕੀਤਾ ਗਿਆ,ਸ.ਹਰਨੇਕ ਸਿੰਘ ਦੋਸਾਂਝ ਨੂੰ ਦੋਆਬਾ ਜੋਨ ? ਦਾ ਇੰਚਾਰਜ,ਅਮਰੀਸ਼ ਪੁੰਨੀ ਲੁਧਿਆਣਾ ਦੇ ਸੀਨੀਅਰ ਵਾਇਸ ਪ੍ਰਧਾਨ,ਜਸਕੀਰਤ ਸਿੰਘ ਲੁਧਿਆਣਾ ਦੇ ਵਾਇਸ ਚੇਅਰਮੈਨ,ਵਿਨੋਦ ਛਾਬੜਾ ਲੁਧਿਆਣਾ ਦੇ ਵਾਇਸ ਪ੍ਰਧਾਨ,ਅਨੂਪ ਸਿੰਘ ਆਤਮ ਨਗਰ ਇੰਚਾਰਜ,ਦੀਪਕ ਕਲੋਤਰਾ ਵਾਈਸ ਪ੍ਰਧਾਨ,ਮੁਕੇਸ਼ ਕੁਮਾਰ ਸ਼੍ਰੀ ਮੁਕਤਸਰ ਸਾਹਿਬ ਇੰਚਾਰਜ,ਸੂਰਜ ਕੁਮਾਰ ਸ਼੍ਰੀ ਮੁਕਤਸਰ ਸਾਹਿਬ ਤੋਂ ਵਾਇਸ ਚੇਅਰਮੈਨ,ਸੰਦੀਪ ਕੁਮਾਰ ਸ਼੍ਰੀ ਮੁਕਤਸਰ ਸਾਹਿਬ ਤੋਂ ਪ੍ਰਧਾਨ ਨਿਯੁਕਤ।ਇਸ ਮੌਕੇ ਐਡਵੋਕੇਟ ਗੋਰਵ ਅਰੋੜਾ ਜੀ ਵੱਲੋਂ ਸੀਆਈਟੀ ਵੱਲੋਂ ਕੀਤੇ ਜਾਣ ਵਾਲੇ ਲੋਕ ਭਲਾਈ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ।

# ਕਮਿਸ਼ਨਰੇਟ ਪੁਲਿਸ ਨੇ ਦੋ ਸਨੈਚਰਾਂ ਨੂੰ ਕੀਤਾ ਕਾਬੂ ਉਨ੍ਹਾਂ ਕੋਲੋਂ ਪੰਜ ਮੋਬਾਈਲ ਫ਼ੋਨ, ਇੱਕ ਮੋਟਰ ਸਾਈਕਲ ਅਤੇ ਇੱਕ ਤੇਜ਼ਧਾਰ ਹਥਿਆਰ ਬਰਾਮਦ

ਲੋਕ ਬਾਣੀ/ ਜਲੰਧਰ



-: ਸਨੈਚਰਾਂ 'ਤੇ ਨਕੇਲ ਕੱਸਦਿਆਂ ਹੋਇਆਂ ਪੁਲਿਸ ਕਮਿਸ਼ਨਰ ਸ੍ਰੀ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਦੋ ਸਨੈਚਰਾਂ ਨੂੰ ਗਿ ?ਫ਼ਤਾਰ ਕਰਕੇ ਉਨ੍ਹਾਂ ਪਾਸੋਂ ਪੰਜ ਮੋਬਾਈਲ ਫ਼ੋਨ, ਇਕ ਮੋਟਰ ਸਾਈਕਲ ਅਤੇ ਇਕ ਤੇਜ਼ਧਾਰ ਹਥਿਆਰ ਬਰਾਮਦ ਕੀਤਾ ਹੈ ?ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ 15 ਫਰਵਰੀ ਨੂੰ ਜਲੰਧਰ ਦੇ ਅੱਡਾ ਹੁਸ਼ਿਆਰਪੁਰ ਰੇਲਵੇ ਕਰਾਸਿੰਗ 'ਤੇ ਖੋਹ ਦੀ ਘਟਨਾ ਵਾਪਰੀ ਸੀ।ਉਨ੍ਹਾਂ ਦੱਸਿਆ ਕਿ ਇਸ ਵਾਰਦਾਤ ਨੂੰ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਅੰਜਾਮ ਦਿੱਤਾ ਸੀ, ਜਿਨ੍ਹਾਂ ਨੇ ਵਿਅਕਤੀ ਤੋਂ ਮੋਬਾਈਲ ਫ਼ੋਨ ਖੋਹ ਲਿਆ ਸੀ। ਇਸ ਤੋਂ ਬਾਅਦ, ਸ੍ਰੀ ਸਵਪਨ ਸ਼ਰਮਾ ਵਿਰੁੱਧ ਥਾਣਾ ਡਵੀਜ਼ਨ 3 ਜਲੰਧਰ ਵਿੱਚ ਐਫਆਈਆਰ 17 ਮਿਤੀ 15-02-2024 ਅਧੀਨ 379ਬੀ,34 ਆਈਪੀਸੀ ਦਰਜ ਕੀਤੀ ਗਈ ਸੀ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਤਫ਼ਤੀਸ਼ ਦੇ ਅਧਾਰ 'ਤੇ ਪੁਲਿਸ ਨੇ ਇਸ ਘਟਨਾ ਨਾਲ ਜੁੜੇ ਦੋ ਦੋਸ਼ੀਆਂ ਨੂੰ ਅੱਡਾ ਹੁਸ਼ਿਆਰਪੁਰ ਰੇਲਵੇ ਕਰਾਸਿੰਗ ਜਲੰਧਰ ਤੋਂ ਕਾਬੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਜਤਿੰਦਰ ਸਿੰਘ ਪੁੱਤਰ ਤਰਸੇਮ ਲਾਲ ਵਾਸੀ ਸੁੰਦਰ ਨਗਰ ਜਲੰਧਰ ਅਤੇ ਰਾਹੁਲ ਕੁਮਾਰ ਪੁੱਤਰ ਰਾਜ ਕੁਮਾਰ ਵਾਸੀ ਨੂਰਪੁਰ ਕਲੋਨੀ ਜਲੰਧਰ ਵਜੋਂ ਹੋਈ ਹੈ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਿਸ ਨੇ ਚੋਰੀ ਦੇ 5 ਮੋਬਾਈਲ ਫ਼ੋਨ, ਇੱਕ ਚੋਰੀ ਦਾ ਮੋਟਰਸਾਈਕਲ ਅਤੇ ਇੱਕ ਦਾਤ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਬਰਾਮਦ ਕੀਤੇ ਗਏ ਮੋਬਾਈਲਾਂ ਵਿੱਚ ਐਮਆਈ ਅਤੇ ਸੈਮਸੰਗ ਦੇ ਦੋ-ਦੋ ਅਤੇ ਰੈੱਡਮੀ ਦਾ ਇੱਕ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਜਤਿੰਦਰ ਖ਼ਿਲਾਫ਼ ਥਾਣਾ ਡਿਵੀਜ਼ਨ 2 ਜਲੰਧਰ ਵਿੱਚ 21-61-85 ਐਨਡੀਪੀਐਸ ਐਕਟ ਤਹਿਤ 24-06-2022 ਦੀ ਐਫਆਈਆਰ 106 ਦਰਜ ਹੈ ਜਦੋਂਕਿ ਰਾਹੁਲ ਦਾ ਅਜੇ ਤੱਕ ਕੋਈ ਵੀ ਅਪਰਾਧਿਕ ਪਿਛੋਕੜ ਨਹੀਂ ਲੱਭਿਆ ਗਿਆ। ਸ੍ਰੀ ਸਵਪਨ ਸ਼ਰਮਾ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

# ਅੰਡਰ ਆਰਮਰ ਦੇ ਤਹਿਤ ਚੰਡੀਗੜ੍ਹ ਫਾਸਟ ਮੈਰਾਥਨ ਦੇਸ਼ ਵਿੱਚ ਤੇਜ਼ ਦੌੜ ਨੂੰ ਦੇਵੇਗੀ ਨਵੀਂ ਦਿਸ਼ਾ

ਲੋਕ ਬਾਣੀ/ ਅਮੁਲਿਆ, ਚੰਡੀਗੜ੍ਹ




ਅੰਡਰ ਆਰਮਰ ਚੰਡੀਗੜ੍ਹ ਫਾਸਟ ਮੈਰਾਥਨ ਦਾ ਪਹਿਲਾ ਐਡੀਸ਼ਨ ਚੰਡੀਗੜ੍ਹ ਕਲੱਬ, ਸੈਕਟਰ 1, ਚੰਡੀਗੜ੍ਹ ਵਿਖੇ ਕਰਵਾਇਆ ਗਿਆ, ਜਿਸ ਵਿੱਚ ਚੰਡੀਗੜ੍ਹ ਸ਼ਹਿਰ ਦੇ ਨਾਲ-ਨਾਲ ਗੁਆਂਢੀ ਰਾਜਾਂ ਤੋਂ ਵੀ ਮੈਰਾਥਨ ਦੌੜਾਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਸਮਾਗਮ ਨੂੰ ਸਫਲ ਬਣਾਇਆ। ਇਸ ਈਵੈਂਟ ਨੇ ਭਾਗੀਦਾਰਾਂ ਨੂੰ ਵਿਸ਼ਵ ਦੀਆਂ ਪ੍ਰਮੁੱਖ ਮੈਰਾਥਨਾਂ ਲਈ ਕੁਆਲੀਫਾਈ ਕਰਨ ਲਈ ਇੱਕ ਸ਼ਾਨਦਾਰ ਪਲੇਟਫਾਰਮ ਪ੍ਰਦਾਨ ਕੀਤਾ। ਫੁਲ ਅਤੇ ਹਾਫ ਮੈਰਾਥਨ ਵਿੱਚ ਦੇਸ਼ ਦੇ 18 ਸ਼ਹਿਰਾਂ ਦੇ ਦੌੜਾਕਾਂ ਨੇ ਭਾਗ ਲਿਆ। ਚੰਡੀਗੜ੍ਹ ਫਾਸਟ ਮੈਰਾਥਨ ਯੋਗਤਾ ਪ੍ਰਾਪਤ ਭਾਗੀਦਾਰਾਂ ਤੱਕ ਸੀਮਿਤ ਸੀ ਜਿਸ ਵਿੱਚ ਸਾਰੇ ਦੌੜਾਕਾਂ ਨੇ ਆਪਣੇ ਵਧੀਆ ਪ੍ਰਦਰਸ਼ਨ ਨੂੰ ਬਿਹਤਰ ਬਣਾਉਣ ਦੀ ਕੋਸ਼ਿਸ਼ ਕੀਤੀ।

ਅਥਲੈਟਿਕਸ ਦੀ ਮਹੱਤਤਾ ਦੇ ਨਾਲ-ਨਾਲ ਇਹ ਮੈਰਾਥਨ ਚੰਡੀਗੜ੍ਹ ਦੇ ਸੈਰ-ਸਪਾਟੇ ਦੇ ਨਜ਼ਰੀਏ ਤੋਂ ਵੀ ਸਹਾਈ ਸਿੱਧ ਹੋਈ, ਜਿਸ ਵਿੱਚ ਦੇਸ਼ ਭਰ ਦੇ ਦੌੜਾਕ ਚੰਡੀਗੜ੍ਹ ਦੀ ਮੇਜ਼ਬਾਨੀ ਵਿੱਚ ਆਹਮੋ-ਸਾਹਮਣੇ ਹੋਏ। ਪ੍ਰਬੰਧਕਾਂ ਨੇ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਸਥਾਨਕ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦਾ ਧੰਨਵਾਦ ਵੀ ਕੀਤਾ। ਪ੍ਰਬੰਧਕਾਂ ਵੱਲੋਂ ਇਸ ਮੈਰਾਥਨ ਨੂੰ ਹਰ ਸਾਲ ਫਰਵਰੀ ਦੇ ਤੀਜੇ ਹਫ਼ਤੇ ਚੰਡੀਗੜ੍ਹ ਵਿੱਚ ਸਾਲਾਨਾ ਸਮਾਗਮ ਬਣਾਉਣ ਦੀ ਯੋਜਨਾ ਹੈ। ਆਯੋਜਕ ਏਸ਼ੀਆ ਪੈਸੀਫਿਕ ਖੇਤਰ ਵਿੱਚ ਇੱਕ ਪ੍ਰਮੁੱਖ ਵਿਸ਼ਵ ਮੈਰਾਥਨ ਮੇਜਰ ਕੁਆਲੀਫਾਇਰ ਦੇ ਰੂਪ ਵਿੱਚ ਉਭਰਨ ਦੀ ਇਸਦੀ ਸਮਰੱਥਾ ਦਾ ਭਰੋਸਾ ਹੈ।

# ਕੇਂਦਰੀ ਆਰੀਆ ਸਭਾ ਵੱਲੋਂ ਮਹਾਰਿਸ਼ੀ ਦਯਾਨੰਦ ਸਰਸਵਤੀ ਦਾ ਜਨਮ ਦਿਵਸ 21 ਫਰਵਰੀ ਤੋਂ ਮਨਾਇਆ ਜਾਵੇਗਾ

ਲੋਕ ਬਾਣੀ/ ਅਮੁਲਿਆ, ਚੰਡੀਗੜ੍ਹ



ਕੇਂਦਰੀ ਆਰੀਆ ਸਭਾ ਚੰਡੀਗੜ੍ਹ, ਪੰਚਕੂਲਾ, ਮੋਹਾਲੀ ਵੱਲੋਂ ਮਹਾਰਿਸ਼ੀ ਦਯਾਨੰਦ ਸਰਸਵਤੀ ਜਨਮ ਉਤਸਵ (1824-2024) ਦੀ ਦੂਜੀ ਜਨਮ ਸ਼ਤਾਬਦੀ 21 ਫਰਵਰੀ ਤੋਂ 25 ਫਰਵਰੀ ਤੱਕ ਆਰੀਆ ਸਮਾਜ ਸੈਕਟਰ 7ਬੀ, ਚੰਡੀਗੜ੍ਹ ਵਿਖੇ ਮਨਾਈ ਜਾਵੇਗੀ। 24 ਫਰਵਰੀ ਦਿਨ ਸ਼ਨੀਵਾਰ ਨੂੰ ਸ਼ੋਭਾ ਯਾਤਰਾ ਕੱਢਿ ਜਾਵੇਗੀ। ਮੁੱਖ ਸਮਾਗਮ ਐਤਵਾਰ 25 ਫਰਵਰੀ ਨੂੰ ਹੋਵੇਗਾ। ਸਵੇਰ ਦੇ ਪ੍ਰੋਗਰਾਮ ਵਿੱਚ ਯਜੁਰਵੇਦੀ ਯੱਗ ਕੀਤਾ ਜਾਵੇਗਾ। ਸਵੇਰੇ 7:30 ਤੋਂ 9:00 ਵਜੇ ਤੱਕ ਯੱਗ, ਭਗਤੀ ਭਜਨ ਅਤੇ ਪ੍ਰਵਚਨ ਹੋਣਗੇ। ਯੱਗ ਬ੍ਰਹਮਾ ਵੈਦਿਕ ਬੁਲਾਰੇ ਆ. (ਡਾ.) ਸੁਸ਼ਰੁਤਾ ਸਹਿ-ਕਰਮਚਾਰੀ ਹੋਣਗੇ। ਯੱਗ ਕੋਆਰਡੀਨੇਟਰ ਏ. ਅਮਿਤੇਸ਼ ਸ਼ਾਸਤਰੀ ਪੁਜਾਰੀ ਹੋਣਗੇ। ਭਗਤੀ ਭਜਨ ਪੰਡਿਤ ਨਰੇਸ਼ ਦੱਤ ਦੇ ਹੋਣਗੇ - ਆਰੀਆ ਭਜਨੋਪਦੇਸ਼ਕ। ਯੱਗ ਵਿੱਚ ਹਰ ਰੋਜ਼ ਚਾਰਸੀ ਅਜਮਾਨ ਹੋਣਗੇ। ਅਜਮਾਨ ਬਣਨ ਦੇ ਚਾਹਵਾਨ ਆਰੀਆ ਸਮਾਜ ਸੈਕਟਰ 7-ਬੀ, ਚੰਡੀਗੜ੍ਹ ਨਾਲ ਸੰਪਰਕ ਕਰ ਸਕਦੇ ਹਨ। ਸ਼ਾਮ ਦੇ ਪ੍ਰੋਗਰਾਮ ਵਿੱਚ ਸ਼ਾਮ 5:15 ਤੋਂ 6:30 ਵਜੇ ਤੱਕ ਭਗਤੀ ਭਜਨ ਹੋਣਗੇ। ਉਪਦੇਸ਼ 6:30 ਤੋਂ 7:15 ਤੱਕ ਚੱਲੇਗਾ। 24 ਫਰਵਰੀ ਦਿਨ ਸ਼ਨੀਵਾਰ ਨੂੰ ਜਲੂਸ ਕੱਢਿਆ ਜਾਵੇਗਾ। ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 9:30 ਵਜੇ ਯੱਗ ਨਾਲ ਸਵੇਰੇ 8:00 ਵਜੇ ਤੋਂ 9:30 ਵਜੇ ਤੱਕ ਹੋਵੇਗੀ। ਝੰਡਾ ਲਹਿਰਾਉਣ ਦੀ ਰਸਮ ਸਵੇਰੇ 9:30 ਵਜੇ ਹੋਵੇਗੀ। ਪ੍ਰਕਾਸ਼ ਚੰਦਰ ਸ਼ਰਮਾ ਸ਼ੋਭਾ ਯਾਤਰਾ ਦੇ ਸੰਯੋਜਕ ਹਨ। ਸ਼ੋਭਾ ਯਾਤਰਾ ਦਾ ਸ਼ੁਰੂਆਤੀ ਸਥਾਨ ਆਰੀਆ ਸਮਾਜ ਸੈਕਟਰ 7ਬੀ, ਚੰਡੀਗੜ੍ਹ ਹੈ। ਮੁੱਖ ਮਹਿਮਾਨ ਅਤੇ ਕੇਂਦਰੀ ਆਰੀਆ ਸਭਾ ਦੇ ਪ੍ਰਧਾਨ ਰਵਿੰਦਰ ਤਲਵਾੜ ਭਗਵਾ ਝੰਡਾ ਦਿਖਾ ਕੇ ਸ਼ੋਭਾ ਯਾਤਰਾ ਨੂੰ ਰਵਾਨਾ ਕਰਨਗੇ। ਉਨ੍ਹਾਂ ਦੀ ਅਗਵਾਈ ਹੇਠ ਸ਼ੋਭਾ ਯਾਤਰਾ ਆਰੀਆ ਸਮਾਜ ਸੈਕਟਰ 7ਬੀ ਚੰਡੀਗੜ੍ਹ ਤੋਂ ਸ਼ੁਰੂ ਹੋ ਕੇ ਸੈਕਟਰ 7 ਦੀ ਮਾਰਕੀਟ ਦੇ ਸਾਹਮਣੇ, ਪੈਟਰੋਲ ਪੰਪ ਤੋਂ ਖੱਬੇ ਪਾਸੇ ਮੁੜਦਾ ਹੋਇਆ, ਸੈਕਟਰ 8ਬੀ ਅਤੇ ਸੀ ਵਿਚਕਾਰਲੀ ਸੜਕ ਤੋਂ ਹੁੰਦਾ ਹੋਇਆ ਸ਼ਿਵ ਮੰਦਰ-ਗੁਰਦੁਆਰਾ ਸਾਹਿਬ ਤੋਂ ਖੱਬੇ ਪਾਸੇ ਲੰਘਿਆ। ਇੱਕ ਮੋੜ ਲੈ ਕੇ ਸੈਕਟਰ 8 ਅਤੇ 9 ਦੇ ਵਿਚਕਾਰ ਸੜਕ 'ਤੇ ਚੱਲਦੇ ਹੋਏ, ਵਿਚਕਾਰਲੀ ਸੜਕ ਨੂੰ ਪਾਰ ਕਰਦੇ ਹੋਏ, ਸੈਕਟਰ 18 ਅਤੇ 17 ਵਿਚਕਾਰ ਸੜਕ 'ਤੇ ਸਿੱਧਾ ਚੱਲਦੇ ਹੋਏ, ਲਾਈਟ ਪੁਆਇੰਟ ਤੋਂ ਖੱਬੇ ਪਾਸੇ ਮੁੜਦੇ ਹੋਏ, ਸੈਕਟਰ 18 ਜੈਨ ਧਰਮਸ਼ਾਲਾ ਤੋਂ ਅੱਗੇ ਲੰਘਦੇ ਹੋਏ, ਸੈਕਟਰ ਮਾਰਕੀਟ ਨੰ. 18 ਅਤੇ 19 ਨੂੰ ਮਨਚੰਦਾ ਬੁੱਕ ਸਟੋਰ ਦੇ ਨਾਲ ਲੱਗਦੇ ਚੌਕ ਤੋਂ ਸੱਜੇ ਮੋੜ ਕੇ ਦੁਪਹਿਰ 1 ਵਜੇ ਆਰੀਆ ਸਮਾਜ ਸੈਕਟਰ 19 ਵਿਖੇ ਸਮਾਪਤ ਹੋਵੇਗੀ। ਕੇਂਦਰੀ ਆਰੀਆ ਸਭਾ ਦੇ ਮੀਡੀਆ ਸਲਾਹਕਾਰ ਡਾ: ਵਿਨੋਦ ਸ਼ਰਮਾ ਨੇ ਕਿਹਾ ਕਿ ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਭਾਰਤ ਦੇ ਹੀ ਨਹੀਂ ਸਗੋਂ ਵਿਸ਼ਵ ਦੇ ਮਨੁੱਖ ਸਨ ? ਉਹ ਉੱਚ ਕੋਟੀ ਦੇ ਵਿਦਵਾਨ, ਮਹਾਨ ਚਿੰਤਕ, ਦੇਸ਼ ਭਗਤ ਅਤੇ ਸੱਭਿਆਚਾਰਕ ਕ੍ਰਾਂਤੀਕਾਰੀ, ਸਮਾਜ ਸੁਧਾਰਕ ਅਤੇ ਭਾਰਤੀਅਤਾ ਦੇ ਮਜ਼ਬੂਤ ਸਮਰਥਕ ਸਨ। ਉਸਨੇ ਵੇਦਾਂ ਦੀ ਬਹਾਲੀ ਲਈ ਆਪਣਾ ਜੀਵਨ ਸਮਰਪਿਤ ਕਰ ਦਿੱਤਾ। ਉਸਨੇ ਸਮਾਜਿਕ ਅਤੇ ਫਿਰਕੂ ਬੁਰਾਈਆਂ, ਛੂਤ-ਛਾਤ ਅਤੇ ਅੰਧ-ਵਿਸ਼ਵਾਸਾਂ ਵਿਰੁੱਧ ਸਖ਼ਤ ਲੜਾਈ ਲੜੀ। ਉਸ ਨੇ ਦਲਿਤ ਵਰਗ, ਔਰਤਾਂ ਦੇ ਸ਼ੋਸ਼ਣ ਅਤੇ ਜਾਤੀ ਆਧਾਰਿਤ ਵਿਤਕਰੇ ਅਤੇ ਵਿਤਕਰੇ ਵਿਰੁੱਧ ਸਾਰੀ ਉਮਰ ਸੰਘਰਸ਼ ਕੀਤਾ। ਬਚਪਨ ਵਿਚ ਜਦੋਂ ਉਸ ਨੇ ਸ਼ਿਵਰਾਤਰੀ ਦੇ ਦਿਨ ਅਤੇ ਰਾਤ ਨੂੰ ਮੰਦਰ ਵਿਚ ਸ਼ਿਵਲਿੰਗ 'ਤੇ ਚੂਹਿਆਂ ਨੂੰ ਛਾਲ ਮਾਰਦੇ ਅਤੇ ਉਸ ਨੂੰ ਚੜ੍ਹਾਏ ਗਏ ਫਲ ਅਤੇ ਮਠਿਆਈਆਂ ਨੂੰ ਖਾਂਦੇ ਦੇਖਿਆ, ਤਾਂ ਉਸ ਨੇ ਸੱਚੇ ਸ਼ਿਵ ਦੀ ਖੋਜ ਕਰਨ ਦਾ ਸੰਕਲਪ ਲਿਆ ਅਤੇ ਸੱਚੀ ਵਿਧੀ ਦੁਆਰਾ ਗਿਆਨ ਪ੍ਰਾਪਤ ਕਰਨ ਦਾ ਫੈਸਲਾ ਕੀਤਾ। ਪੂਜਾ, ਭਗਤੀ. ਯੁੱਗ ਦੇ ਅਜਿਹੇ ਮਹਾਨ ਪੁਰਸ਼ ਦਾ ਜਨਮ ਦਿਹਾੜਾ ਕੇਂਦਰੀ ਆਰੀਆ ਸਭਾ ਦੀ ਅਗਵਾਈ ਹੇਠ 21 ਤੋਂ 25 ਫਰਵਰੀ 2024 ਤੱਕ ਆਰੀਆ ਸਮਾਜ ਸੈਕਟਰ 7-ਬੀ, ਚੰਡੀਗੜ੍ਹ ਵਿਖੇ ਸਮੂਹ ਆਰੀਆ ਸਮਾਜ ਅਤੇ ਆਰੀਆ ਵਿੱਦਿਅਕ ਸੰਸਥਾਵਾਂ ਦੇ ਸਾਂਝੇ ਯਤਨਾਂ ਨਾਲ ਮਨਾਇਆ ਜਾਵੇਗਾ। ਕੇਂਦਰੀ ਆਰੀਆ ਸਭਾ ਦੇ ਪ੍ਰਧਾਨ ਰਵਿੰਦਰ ਤਲਵਾੜ ਅਤੇ ਉਪ ਪ੍ਰਧਾਨ ਪ੍ਰਕਾਸ਼ ਚੰਦਰ ਸ਼ਰਮਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਸਵਾਮੀ ਸੰਪੂਰਨਾਨੰਦ ਸਰਸਵਤੀ ਅਤੇ ਆਚਾਰੀਆ (ਡਾ.) ਸੁਸ਼ਰੁਤ ਸਮਾਸ਼੍ਮੀ ਸਭ ਦੇ ਸਾਹਮਣੇ ਵੈਦਿਕ ਪ੍ਰਵਚਨ ਪੇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਸਵਾਮੀ ਸੰਪੂਰਨਾਨੰਦ ਸਰਸਵਤੀ ਨੂੰ ਆਰੀਆ ਜਗਤ ਦੇ ਪ੍ਰਮੁੱਖ ਸੰਤਾਂ ਵਿੱਚ ਗਿਣਿਆ ਜਾਂਦਾ ਹੈ। ਤੁਸੀਂ ਇੱਕ ਬਹੁਤ ਹੀ ਸਧਾਰਨ ਸੁਭਾਅ ਵਾਲੇ ਅਤੇ ਉੱਚ ਦਰਜੇ ਦੇ ਅੰਤਰਰਾਸ਼ਟਰੀ ਵੈਦਿਕ ਲੈਕਚਰਾਰ ਹੋ।ਆਚਾਰੀਆ (ਡਾ.) ਸੁਸ਼ਰੁਤ ਸਮਾਸ਼ਰਾਮੀ ਨੇ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਜਾ ਕੇ ਵੇਦ ਕਹਾਣੀਆਂ ਉੱਤੇ ਹਜ਼ਾਰਾਂ ਲੈਕਚਰ ਦਿੱਤੇ ਹਨ। ਉਨ੍ਹਾਂ ਦਾ ਨਾਂ ਦੇਸ਼ ਦੇ ਚੋਟੀ ਦੇ ਵੈਦਿਕ ਵਿਦਵਾਨਾਂ ਵਿੱਚ ਲਿਆ ਜਾਂਦਾ ਹੈ।ਆਰਿਆਭਜਨ ਪ੍ਰਚਾਰਕ ਪੰਡਿਤ ਨਰੇਸ਼ ਦੱਤ 1973 ਤੋਂ ਵੇਦਾਂ ਦੇ ਪ੍ਰਚਾਰ ਦੇ ਕੰਮ ਵਿੱਚ ਲੱਗੇ ਹੋਏ ਹਨ।

# ਹਰਜੋਤ ਬੈਂਸ ਕੈਬਨਿਟ ਮੰਤਰੀ ਵੱਲੋਂ ਖਾਨਪੁਰ ਅਤੇ ਬਹਿਲੂ ਦੇ ਵੱਖ ਵੱਖ ਵਿਕਾਸ ਕੰਮਾਂ ਲਈ ਗ੍ਰਾਟਾਂ ਦਿੱਤੀਆਂ

## ਬਹਿਲੂ ਵਿੱਚ ਸਟਰੀਟ ਲਾਈਟਾ ਦਾ ਕੀਤਾ ਉਦਘਾਟਨ, ਖਾਨਪੁਰ ਦੇ ਧਾਰਮਿਕ ਅਸਥਾਨ ਅਤੇ ਕਲੱਬ ਨੂੰ 2-2 ਲੱਖ ਦੀ ਗ੍ਰਾਂਟ ਕੀਤੀ ਜਾਰੀ, 90ਵੇਂ ਸਰਕਾਰ ਤੁਹਾਡੇ ਦੁਆਰ ਕੈਂਪ ਵਿੱਚ ਪਹੁੰਚੇ ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਿਲਾ ਸੁਣੀਆਂ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 18 ਫਰਵਰੀ (ਦਵਿੰਦਰਪਾਲ ਸਿੰਘ)

: ਲਗਾਤਾਰ ਲੱਗ ਰਹੇ ਆਪ ਦੀ ਸਰਕਾਰ ਆਪ ਦੇ ਦੁਆਰ ਕੈਂਪ ਵਿੱਚ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰ ਰਹੇ ਪੰਜਾਬ ਦੇ ਸਿੱਖਿਆ ਮੰਤਰੀ ਸ.ਹਰਜੋਤ ਸਿੰਘ ਬੈਂਸ ਵੱਲੋਂ ਬਹਿਲੂ ਵਿੱਚ ਲਗਾਏ ਕੈਂਪ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਲੋਕ ਪੱਖੀ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੱਕ ਪਹੁੰਚਾਉਣ ਲਈ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਕੀਤੇ ਉਪਰਾਲਿਆਂ ਦਾ ਜਾਇਜਾ ਲਿਆ ਗਿਆ। ਉਹ ਬੀਤੇ 10-12 ਦਿਨਾਂ ਤੋਂ ਰੋਜ਼ਾਨਾ ਇਨ੍ਹਾਂ ਸੇਵਾਂ ਕੈਂਪਾਂ ਵਿੱਚ ਸ਼ਿਰਕਤ ਕਰ ਰਹੇ ਹਨ, ਹੁਣ ਤੱਕ ਸ.ਬੈਂਸ ਆਪਣੇ ਹਲਕੇ ਦੇ ਲਗਭਗ 90 ਕੈਂਪਾਂ ਵਿੱਚ ਸ਼ਿਰਕਤ ਕਰ ਚੁੱਕੇ ਹਨ। ਜਿੱਥੇ ਉਹ ਪ੍ਰਬੰਧਾਂ ਦੀ ਨਿਗਰਾਨੀ ਕਰਦੇ ਹਨ, ਉਥੇ ਆਮ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਨਿੱਜੀ ਮੁਸ਼ਕਿਲਾ ਵੀ ਹੱਲ ਕਰ ਰਹੇ ਹਨ। ਪਿੰਡ ਬਹਿਲੂ ਅਤੇ ਖਾਨਪੁਰ ਵਿਚ ਪਹੁੰਚੇ ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਖਾਨਪੁਰ ਦੇ ਧਾਰਮਿਕ ਅਸਥਾਨ ਨੂੰ 2 ਲੱਖ



ਰੁਪਏ ਦੇਣ ਦਾ ਐਲਾਨ ਕੀਤਾ ਅਤੇ ਪਿੰਡ ਬਹਿਲੂ ਵਿਚ 3.20 ਲੱਖ ਰੁਪਏ ਦੀ ਲਾਗਤ ਨਾਲ ਸਟਰੀਟ ਲਾਈਟਾ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਕਲੱਬ ਨੂੰ 2 ਲੱਖ ਰੁਪਏ ਦੀ ਗ੍ਰਾਟ ਦੇਣ ਦਾ ਐਲਾਨ ਕੀਤਾ।

ਸਿਹਤ ਸਹੂਲਤਾਂ ਵਿਚ ਹੋਏ ਜਿਕਰਯੋਗ ਸੁਧਾਰ ਬਾਰੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਆਮ ਲੋਕਾਂ ਨੂੰ ਸਿਹਤ ਸੇਵਾਵਾਂ ਲਈ ਖੱਜਲ ਖੁਆਰ ਨਹੀ ਹੋਣਾ ਪਵੇਗਾ, ਸਾਡੀ ਸਰਕਾਰ ਵੱਲੋਂ ਮਿਆਰੀ ਸਿਹਤ ਸਹੂਲਤਾਂ ਦਿੱਤੀਆਂ ਜਾਣ ਦਾ ਵਾਅਦਾ ਪੂਰਾ ਕਰ ਦਿੱਤਾ ਹੈ, ਸਰਕਾਰੀ ਹਸਪਤਾਲ ਵਿਚ ਡਾਕਟਰ ਵੱਲੋਂ ਪ੍ਰਸਤਾਵਿਤ ਕੀਤਾ ਅਲਟ੍ਰਾਸਾਊਂਡ ਹੁਣ ਪ੍ਰਾਈਵੇਟ ਸਕੈਨ ਸੈਂਟਰਾਂ ਤੋ ਵੀ ਸਰਕਾਰੀ ਰੇਟ ਤੇ ਹੋਵੇਗਾ, ਜੇਕਰ ਸਰਕਾਰੀ ਹਸਪਤਾਲ ਵਿਚ ਅਲਟ੍ਰਾਸਊਡ ਦੀ ਸਹੂਲਤ ਨਹੀ ਹੈ ਤਾ ਨਿੱਜੀ ਸਕੈਨ ਸੈਂਟਰ ਅਲਟ੍ਰਾਸਾਊਡ ਕਰਨ ਲਈ ਪਾਬੰਦ ਹੋਣਗੇ, ਜਿਸ ਦੇ ਲਈ ਸ੍ਰੀ ਅਨੰਦਪੁਰ ਸਾਹਿਬ ਵਿਚ 2 ਅਤੇ ਨੰਗਲ ਵਿੱਚ 3 ਸਕੈਨ ਸੈਂਟਰ ਹਨ।

ਇਸ ਮੌਕੇ ਜਗਮੀਤ ਸਿੰਘ, ਅਵਤਾਰ ਸਿੰਘ, ਬਰਿਆਮ ਸਿੰਘ, ਅਰਜੁਨ ਸਿੰਘ, ਗੁਰਮੁੱਖ ਸੋਢੀ, ਨਵੀ, ਲਾਡੀ, ਗੁਰਦਿਆਲ ਸਿੰਘ, ਅਮਰਿੰਦਰ ਬੈਂਸ, ਗੁਰਵਿੰਦਰ ਬੈਂਸ, ਕੁਲਦੀਪ ਸਿੰਘ, ਪ੍ਰਕਾਸ਼ ਸਰਪੰਚ, ਧਰਮ ਸਿੰਘ, ਹਰਮਿੰਦਰ ਸਿੰਘ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

# ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ ਡਾ. ਦਲਜੀਤ ਸਿੰਘ ਚੀਮਾ ਹੋ ਸਕਦੇ ਹਨ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 18 ਫਰਵਰੀ (ਦਵਿੰਦਰਪਾਲ ਸਿੰਘ)

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਹੋ ਸਕਦੇ ਹਨ।ਹਾਲਾਂਕਿ ਇਸਦੀ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ ਪਰ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪਾਰਟੀ ਅੰਦਰ ਇਹ ਕਨਸੋਆ ਹਨ ਕਿ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਸੂਬੇ ਵਿੱਚ ਕਿਸੇ ਹੋਰ ਹਲਕੇ ਵਿੱਚ ਭੇਜਣ ਦੀ ਤਿਆਰੀ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਡਾ.ਦਲਜੀਤ ਸਿੰਘ ਚੀਮਾ ਸਾਲ 2009 ਵਿੱਚ ਲੋਕ ਸਭਾ ਹਲਕਾ ਸ੍ਰੀ ਆਨੰਦਪੁਰ





ਸਾਹਿਬ ਤੋਂ ਚੋਣ ਲੜ ਚੁੱਕੇ ਹਨ ਪਰ ਇੱਥੋਂ ਉਨ੍ਹਾਂ ਦੇ ਵਿਰੋਧੀ ਉਮੀਦਵਾਰ ਰਵਨੀਤ ਸਿੰਘ ਬਿੱਟੂ ਜਿੱਤਣ ਵਿੱਚ ਕਾਮਯਾਬ ਹੋਏ ਸਨ। ਹਾਲਾਂਕਿ ਇਸ ਉਪਰੰਤ ਸੀਨੀਅਰ ਆਗੂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਇੱਥੋਂ ਲੋਕ ਸਭਾ ਚੋਣਾਂ ਜਿੱਤ ਸ੍ਰੀ ਆਨੰਦਪੁਰ ਸਾਹਿਬ ਦੀ ਨੁਮਾਇੰਦਗੀ ਦੇਸ਼ ਵਿੱਚ ਕਰ ਚੁੱਕੇ ਹਨ ਪਰ ਇਸ ਵਾਰ ਟਿਕਟ ਲਈ ਪੇਚ ਚੰਦੂਮਾਜਰਾ ਤੇ ਚੀਮਾ ਦਰਮਿਆਨ ਫਸਦਾ ਵਿਖਾਈ ਦੇ ਰਿਹਾ ਹੈ। ਇਸ ਸਬੰਧੀ ਜਦੋਂ ਡਾ.ਦਲਜੀਤ ਸਿੰਘ ਚੀਮਾ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਮੈਂ ਇਸ ਹਲਕੇ ਤੋਂ ਪਹਿਲਾਂ ਵੀ ਚੋਣ ਲੜ ਚੁੱਕਿਆ ਹਾਂ ਤੇ ਰੂਪਨਗਰ ਤੋਂ ਵਿਧਾਇਕ ਤੇ ਕੈਬਨੇਟ ਮੰਤਰੀ ਵੀ ਰਹਿ ਚੁੱਕਾ ਹਾਂ। ਉਨ੍ਹਾਂ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਉਹ ਪਾਰਟੀ ਤੋਂ ਟਿਕਟ ਦੀ ਮੰਗ ਜ਼ਰੂਰ ਕਰਨਗੇ ਪਰ ਟਿਕਟ ਕਿਸਨੂੰ ਮਿਲੇਗੀ ਇਹ ਫੈਸਲਾ ਪਾਰਟੀ ਹਾਈਕਮਾਂਡ ਦਾ ਹੀ ਹੁੰਦਾ ਹੈ।ਜਿਸ ਬਾਬਤ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਹੀ ਦੱਸ ਸਕਦੇ ਹਨ। ਬਹਿਰ ਹਾਲ ਟਿਕਟ ਕਿਸਨੂੰ ਮਿਲੇਗੀ ਜਾਂ ਨਹੀਂ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ ਪਰ ਸ਼੍ਰੋਮਣੀ ਅਕਾਲੀ ਦਲ ਦੇ ਦੋਵੇਂ ਆਗੂਆਂ ਦਰਮਿਆਨ ਟਿਕਟ ਲੈਣ ਦੀ ਲੱਗੀ ਦੋੜ ਨੇ ਇਹ ਸਾਫ ਕਰ ਦਿੱਤਾ ਹੈ ਕਿ ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਦੀ ਟਿਕਟ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸਭ ਕੁਝ ਠੀਕ ਨਹੀਂ ਹੈ ਅਤੇ ਦੋਵੇਂ ਸਿਰਕੱਢ ਆਗੂਆਂ ਦਰਮਿਆਨ ਪੇਚ ਫਸ ਸਕਦਾ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਡਾ.ਚੀਮਾ ਵੱਲੋਂ ਹਲਕੇ ਅੰਦਰ ਵਰਕਰਾਂ ਨਾਲ ਰਾਬਤਾ ਬਨਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ ਤੇ ਬੈਠਕਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ।

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
•56 Colleges & Schools •200 Merit Positions •125 Companies For Placements •75 Academic Courses •2000 Placements In 2022-2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LL.B. • B.COM. LLB • BBA.LL.B. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
/stsoldiergroup
www.stsoldiergroup.com
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਸਹਿਜ ਅਵਸਥਾ ਬ੍ਰਹਮਗਿਆਨ ਦੁਆਰਾ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ

## ਸਥਿਰਤਾ ਨਾਲ ਜੁੜ ਕੇ ਜੀਵਨ ਸ਼ਾਂਤੀਪੂਰਨ ਅਤੇ ਅਨੰਦਮਈ ਬਣ ਜਾਂਦਾ ਹੈ।

ਲੋਕ ਬਾਣੀ/ ਚੰਡੀਗੜ੍ਹ/ ਪੰਚਕੁੱਲਾ / ਨਰਾਇਣਗੜ੍ਹ

ਬ੍ਰਹਮਗਿਆਨ ਰਾਹੀਂ ਹੀ ਮਨੁੱਖ ਜੀਵਨ ਵਿਚ ਸੁਖਾਵੀਂ ਅਵਸਥਾ ਪ੍ਰਾਪਤ ਕਰ ਸਕਦਾ ਹੈ ਅਤੇ ਸਥਿਰ, ਅਵਿਨਾਸ਼ੀ ਪ੍ਰਮਾਤਮਾ ਨਾਲ ਜੁੜ ਕੇ ਜੀਵਨ ਸ਼ਾਂਤੀਪੂਰਨ ਅਤੇ ਆਨੰਦਮਈ ਬਣ ਜਾਂਦਾ ਹੈ। ਇਹ ਪ੍ਰਵਚਨ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਅੱਜ ਸਥਾਨਕ ਨਵੀਂ ਅਨਾਜ ਮੰਡੀ ਵਿਖੇ ਆਯੋਜਿਤ ਨਿਰੰਕਾਰੀ ਸੰਤ ਸਮਾਗਮ ਦੌਰਾਨ ਫਰਮਾਏ । ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦਾ ਆਸ਼ੀਰਵਾਦ ਲੈਣ ਲਈ ਹਿਮਾਚਲ, ਚੰਡੀਗੜ੍ਹ ਅਤੇ ਪੰਜਾਬ ਸਮੇਤ ਹਰਿਆਣਾ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਪਹੁੰਚੇ।

ਸਤਿਗੁਰੂ ਮਾਤਾ ਜੀ ਨੇ ਫਰਮਾਇਆ ਕਿ ਜਿਸ ਤਰ੍ਹਾਂ ਸੂਰਜ ਆਪਣੀ ਰੋਸ਼ਨੀ ਦਿੰਦੇ ਹੋਏ ਕਿਸੇ ਵਿਅਕਤੀ ਵਿਸ਼ੇਸ਼ ਨੂੰ ਦੇਖ ਕੇ ਆਪਣੀ ਰੋਸ਼ਨੀ ਨਹੀਂ ਦਿੰਦਾ, ਉਸੇ ਤਰ੍ਹਾਂ ਕੁਦਰਤ ਵੀ ਕਿਸੇ ਤਰ੍ਹਾਂ ਦਾ ਵਿਤਕਰਾ ਨਹੀਂ ਕਰਦੀ। ਇਸੇ ਤਰ੍ਹਾਂ ਅਸੀਂ ਮਨੁੱਖਾਂ ਨੂੰ ਵੀ ਜਾਤ-ਪਾਤ, ਈਰਖਾ ਅਤੇ ਨਫ਼ਰਤ ਤੋਂ ਉੱਪਰ ਉੱਠ ਕੇ ਪਿਆਰ ਅਤੇ ਏਕਤਾ ਨਾਲ ਰਹਿਣ ਦਾ ਸੱਦਾ ਦਿੱਤਾ।

ਉਨ੍ਹਾਂ ਨੇ ਉਦਾਹਰਣ ਦੇ ਕੇ ਸਮਝਾਇਆ ਕਿ ਜੇਕਰ ਇੱਕ ਵਿਦਿਆਰਥੀ ਦੇ ਹੱਥ ਵਿੱਚ ਪੈੱਨ ਹੋਵੇ ਤਾਂ ਇਹ ਇਮਤਿਹਾਨਾਂ ਲਈ ਲਾਭਦਾਇਕ ਹੈ, ਜੇਕਰ ਪਰਿਵਾਰ ਵਿੱਚ ਹੋਵੇ ਤਾਂ ਇਹ ਕਈ ਕੰਮ ਕਰਨ ਲਈ ਲਾਭਦਾਇਕ ਹੈ। ਇਸੇ ਤਰ੍ਹਾਂ ਲੇਖਕਾਂ ਅਤੇ ਕਹਾਣੀਕਾਰਾਂ ਲਈ ਕਲਪਨਾ ਆਧਾਰਿਤ ਲਿਖਣ ਦੇ ਕੰਮ ਵਿੱਚ ਪੈੱਨ ਉਪਯੋਗੀ ਹੈ। ਪੈੱਨ ਕਿਸੇ ਵੀ ਤਰ੍ਹਾਂ ਨਾਲ ਵਿਤਕਰਾ ਨਹੀਂ ਕਰਦਾ। ਇਸੇ ਤਰ੍ਹਾਂ ਮਨੁੱਖ ਨੂੰ ਆਪਣੀ ਮਨੁੱਖਤਾ ਦਾ ਤਿਆਗ ਨਹੀਂ ਕਰਨਾ ਚਾਹੀਦਾ ? ਮਨੁੱਖੀ ਗੁਣਾਂ ਨੂੰ ਪੂਰਨ ਤੌਰ 'ਤੇ ਗ੍ਰਹਿਣ ਕਰਨਾ ਹੀ ਜੀਵਨ ਦਾ ਉਦੇਸ਼ ਹੋਣਾ ਚਾਹੀਦਾ ਹੈ।

ਸਤਿਗੁਰੂ ਮਾਤਾ ਜੀ ਨੇ ਕਿਹਾ ਕਿ ਹਰ ਹਾਲਤ ਵਿੱਚ ਇੱਕੋ ਜਿਹਾ ਰਹਿਣਾ ਤਾਂ ਹੀ ਸੰਭਵ ਹੈ ਜਦੋਂ ਅਸੀਂ ਸਥਿਰ ਪ੍ਰਭੂ ਪ੍ਰਮਾਤਮਾ ਨਾਲ ਰਿਸ਼ਤਾ ਕਾਇਮ ਕਰਦੇ ਹਾਂ। ਸਥਿਰਤਾ ਨਾਲ ਜੁੜ ਕੇ ਜੀਵਨ ਸ਼ਾਂਤੀਪੂਰਨ ਅਤੇ ਅਨੰਦਮਈ ਬਣ ਜਾਂਦਾ ਹੈ। ਸਤਿਗੁਰੂ ਮਾਤਾ ਜੀ ਨੇ ਅੱਗ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਅੱਗ ਦਾ ਕੰਮ ਹੈ ਸਾੜਨਾ ਪਰ ਜੇਕਰ ਅੱਗ ਜਲਾ ਕੇ ਤਵਾ ਰੱਖਿਆ ਜਾਵੇ ਤਾਂ ਉਸ 'ਤੇ ਰੋਟੀ ਬਣਾਈ ਜਾ ਸਕਦੀ ਹੈ। ਅੱਗ ਨੇ ਆਪਣੇ ਨਵੇਂ ਰੂਪ ਦੁਆਰਾ ਆਪਣੇ ਆਪ ਨੂੰ ਲਾਭਦਾਇਕ ਬਣਾਇਆ ? ਇਸੇ ਤਰ੍ਹਾਂ ਸੰਤਾਂ ਨੇ ਕ੍ਰੋਧ ਨੂੰ ਅਮਲ ਵਿਚ ਲਿਆਉਣ ਦੀ ਗੱਲ ਕੀਤੀ ਹੈ। ਬ੍ਰਹਮਗਿਆਨ ਦੁਆਰਾ ਆਪਣੇ ਕ੍ਰੋਧ ਅਤੇ ਹਉਮੈ ਨੂੰ ਕਾਬੂ ਕਰਕੇ ਵਿਅਕਤੀ ਵੱਲੋਂ ਦਇਆ ਨਾਲ ਆਪਣੇ ਜਜ਼ਬਾਤਾਂ ਨੂੰ ਰੰਗਿਆ ਜਾ ਸਕਦਾ ਹੈ ਅਤੇ ਮਨਮਰਜ਼ੀ ਵਾਲੇ ਵਿਚਾਰਾਂ ਨੂੰ ਤਿਆਗ ਕੇ ਸੰਤ ਵਿਚਾਰਾਂ ਨੂੰ ਅਪਣਾ ਸਕਦਾ ਹੈ। ਕਿਸੇ ਨੂੰ ਨੁਕਸਾਨ ਪਹੁੰਚਾਉਣ ਦੀ ਭਾਵਨਾ ਰੱਖਣ ਦੀ ਬਜਾਏ ਦੂਜਿਆਂ ਦੀ ਮਦਦ ਕਰਨ ਦੀ ਭਾਵਨਾ ਨਾਲ ਜੀਵਨ ਇੱਕ ਹੋ ਜਾਂਦਾ ਹੈ। ਨਿਰੰਕਾਰ ਦਾ ਆਸਰਾ ਲੈਣ ਨਾਲ ਜੀਵਨ ਲਾਭਦਾਇਕ ਹੋ ਜਾਂਦਾ ਹੈ।

ਇਸ ਤੋਂ ਪਹਿਲਾਂ ਆਪਣੇ ਆਸ਼ੀਰਵਾਦ ਵਿੱਚ ਨਿਰੰਕਾਰੀ ਰਾਜਪਿਤਾ ਰਮਿਤ ਜੀ ਨੇ ਬਾਬਾ ਹਰਦੇਵ ਸਿੰਘ ਜੀ ਦੇ ਕਥਨ "ਧਰਮ ਜੋੜਦਾ ਹੈ, ਤੋੜਦਾ ਨਹੀਂ" 'ਤੇ ਫਰਮਾਉਂਦੇ ਕਿਹਾ ਕਿ ਧਰਮ ਨੇ ਹਮੇਸ਼ਾ ਏਕਤਾ ਦਾ ਕੰਮ ਕੀਤਾ ਹੈ। ਸਿਰਫ਼ ਆਪਣੇ ਹੀ ਵਿਸ਼ਵਾਸ, ਹਨੇਰੇ ਅਤੇ ਭਰਮ-ਭੁਲੇਖੇ ਹੀ ਧਰਮ ਨੂੰ ਤੋੜਨ ਦਾ ਕਾਰਨ ਬਣਦੇ ਹਨ।

ਉਨ੍ਹਾਂ ਕਿਹਾ ਕਿ ਬ੍ਰਹਮਗਿਆਨ ਤੋਂ ਬਾਅਦ ਜਦੋਂ ਏਕਤਾ ਦਾ ਅਹਿਸਾਸ ਹੁੰਦਾ ਹੈ ਤਾਂ ਨਫ਼ਰਤ ਅਤੇ ਵੈਰ-ਵਿਰੋਧ ਦੀਆਂ ਕੰਧਾਂ ਨਹੀਂ ਖੜ੍ਹਦੀਆਂ। ਉਨ੍ਹਾਂ ਕਿਹਾ ਕਿ ਸ਼ਰਧਾ ਨਾਲ ਹੀ ਮਹਾਨਤਾ ਦਾ ਗੁਣ ਵਧਦਾ ਹੈ ਫਿਰ ਮਨ ਛੋਟੀਆਂ-ਛੋਟੀਆਂ ਗੱਲਾਂ ਤੋਂ ਭਟਕਦਾ ਨਹੀਂ।


ਉਨ੍ਹਾਂ ਨਰਾਇਣਗੜ੍ਹ ਦਾ ਜ਼ਿਕਰ ਕਰਦਿਆਂ ਕਿਹਾ ਕਿ ਜਿਸ ਵਿਅਕਤੀ ਦੇ ਜੀਵਨ ਵਿੱਚ ਬ੍ਰਹਮਗਿਆਨ ਅਤੇ ਪ੍ਰੇਮ ਆ ਜਾਂਦਾ ਹੈ ਉਹ ਖ਼ੁਦ ਨਰਾਇਣ ਦੇ ਘਰ ਦਾ ਮੈਂਬਰ ਬਣ ਜਾਂਦਾ ਹੈ।

ਸਮਾਗਮ ਵਿੱਚ ਸ਼ਾਹਬਾਦ ਜ਼ੋਨ ਦੇ ਜ਼ੋਨਲ ਇੰਚਾਰਜ ਸ੍ਰੀ ਸੁਰਿੰਦਰ ਪਾਲ ਅਤੇ ਸਥਾਨਕ ਮੁਖੀ ਉਰਮਿਲਾ ਵਰਮਾ ਨੇ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ, ਸਮੂਹ ਸ਼ਰਧਾਲੂਆਂ ਅਤੇ ਪਤਵੰਤਿਆਂ ਨੂੰ ਨਰਾਇਣਗੜ੍ਹ ਪਹੁੰਚਣ 'ਤੇ ਵਧਾਈ ਦਿੱਤੀ । ਉਨ੍ਹਾਂ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ, ਨਗਰ ਪਾਲਿਕਾ, ਮਾਰਕੀਟ ਐਸੋਸੀਏਸ਼ਨ ਅਤੇ ਸਮੂਹ ਵਿਭਾਗਾਂ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ?

# ਸੱਤਾਧਾਰੀ ਪਾਰਟੀ ਵਲੋਂ ਪੱਤਰਕਾਰ ਨੂੰ ਆਪਣੀ ਹੀ ਮਾਲਕੀ 'ਚ ਉਸਾਰੀ ਕਰਨ ਤੋਂ ਵਾਰ ਵਾਰ ਰੋਕ ਕੇ ਕੀਤਾ ਜਾ ਰਿਹਾ ਤੰਗ ਪ੍ਰੇਸ਼ਾਨ

## ਪੱਤਰਕਾਰਾਂ ਵੱਲੋਂ ਸੱਤਾਧਾਰੀ ਪਾਰਟੀ ਅਤੇ ਪ੍ਰਸਾਸ਼ਨ ਦੀ ਕਵਰੇਜ ਦਾ ਬਾਈਕਾਟ ਕਰਨ ਤੇ ਕੀਤਾ ਜਾਵੇਗਾ ਵਿਚਾਰ

ਲੋਕ ਬਾਣੀ/ ਦੀਨਾਨਗਰ



ਪੱਤਰਕਾਰਾਂ ਨਾਲ ਧੱਕੇ ਹੋਣਾ ਕੋਈ ਪਹਿਲਾ ਮਾਮਲਾ ਨਹੀਂ ਕਈ ਵਾਰ ਸੱਤਾਧਾਰੀ ਪਾਰਟੀ ਦੇ ਕੁੱਝ ਆਗੂਆਂ ਵਲੋਂ ਪੱਤਰਕਾਰਾਂ ਨਾਲ ਧੱਕੇਸ਼ਾਹੀ ਕੀਤੀ ਜਾਂਦੀ ਹੈ। ਅਜਿਹਾ ਹੀ ਮਾਮਲਾ ਦੇਖਣ ਚ ਆਇਆ ਹੈ ਦੀਨਾਨਗਰ ਚ ਜਿੱਥੇ ਆਪਣੀ ਹੀ ਮਾਲਕੀ ਵਾਲੀ ਜਗ੍ਹਾ ਤੇ ਉਸਾਰੀ ਕਰਨ ਵਾਲੇ ਇਕ ਪੱਤਰਕਾਰ ਨੂੰ ਰਾਜਨੀਤਕ ਦਬਾਅ ਕਾਰਨ ਦਬਾ ਕੇ ਉਸਨੂੰ ਉਸਾਰੀ ਕਰਨ ਤੋਂ ਰੋਕਿਆ ਜਾ ਰਿਹਾ ਹੈ।

ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੀਨਾਨਗਰ ਤੋਂ ਸੀਨੀਅਰ ਪੱਤਰਕਾਰ ਡਾ.ਰਮੇਸ਼ ਸਰੰਗਲ ਨੇ ਦੱਸਿਆ ਕਿ ਗੋਰਮਿੰਟ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਦੇ ਸਾਹਮਣੇ ਉਸਦੀ ਕਰੀਬ ਡੇਢ ਮਰਲਾ ਜਗ੍ਹਾ ਹੈ ਜਿਸਦੀ ਰਜਿਸਟਰੀ ਉਨ੍ਹਾਂ ਦੀ ਪਤਨੀ ਦੇ ਨਾਂ ਤੇ ਹੈ। ਉਨਾਂ ਦੱਸਿਆ ਕਿ ਨਗਰ ਕੌਂਸਲ ਵਲੋਂ ਉਸ ਜਗ੍ਹਾ ਦਾ ਨਕਸ਼ਾ ਪਾਸ ਕਰਨ ਤੋਂ ਬਾਅਦ ਰੈਵੇਨਿਊ ਮਹਿਕਮੇ ਵਲੋਂ ਇੰਤਕਾਲ ਵੀ ਮਨਜੂਰ ਹੋ ਚੁੱਕਾ ਹੈ। ਉਨਾਂ ਦੱਸਿਆ ਕਿ ਇੱਕ ਵਿਅਕਤੀ ਦੀ ਜਗ੍ਹਾ ਉਨ੍ਹਾਂ ਦੇ ਨਾਲ ਪੈਂਦੀ ਹੈ ਜਿਸ ਕਰਕੇ ਉਸ ਵੱਲੋਂ ਉਨ੍ਹਾਂ ਤੇ ਮਾਨਯੋਗ ਅਦਾਲਤ ਵਿੱਚ ਕਈ ਕੇਸ ਲਗਾਏ ਗਏ ਸਨ ਜਿਨ੍ਹਾਂ ਦਾ ਵੱਖ ਵੱਖ ਮਾਣਯੋਗ ਅਦਾਲਤਾਂ ਵੱਲੋਂ ਫੈਸਲੇ ਪੱਤਰਕਾਰ ਦੇ ਹੱਕ ਚ ਹੋ ਚੁੱਕੇ ਹਨ। ਉਨਾਂ ਕਿਹਾ ਕਿ ਕੁੱਝ ਸੱਤਾਧਾਰੀ ਪਾਰਟੀ ਦੇ ਆਗੂ ਉਨ੍ਹਾਂ ਨੂੰ ਨਜਾਇਜ ਤੋਰ ਤੇ ਤੰਗ ਪ੍ਰੇਸ਼ਾਨ ਕਰਕੇ ਉਨ੍ਹਾਂ ਦੀ ਚੱਲਦੀ ਉਸਾਰੀ ਨੂੰ ਵਾਰ ਵਾਰ ਰੁਕਵਾ ਰਹੇ ਹਨ ਜਿਸ ਕਾਰਨ ਉਨ੍ਹਾਂ ਦਾ ਅਰਥਿਕ ਅਤੇ ਮਾਨਸਿਕ ਤੋਰ ਤੇ ਭਾਰੀ ਨੁਕਸਾਨ ਹੋ ਰਿਹਾ ਹੈ। ਉਨਾਂ ਦੱਸਿਆ ਕਿ ਹੁਣ ਵੀ ਉਹ ਆਪਣੇ ਪਲਾਟ ਚ ਉਸਾਰੀ ਦਾ ਕੰਮ ਕਰ ਰਹੇ ਸਨ ਜਿਸਦੇ ਚਲਦੇ ਕੁੱਝ ਸੱਤਾਧਾਰੀ ਪਾਰਟੀ ਦੇ ਲੋਕਾਂ ਦੇ ਦਬਾਅ ਹੇਠ ਕੁਝ ਮਹਿਕਮਿਆਂ ਵੱਲੋਂ ਉਸਨੂੰ ਡਰਾ ਧਮਕਾ ਕੇ ਉਸਦੇ ਚੱਲਦੇ ਕੰਮ ਨੂੰ ਰੋਕ ਦਿੱਤਾ ਗਿਆ ਹੈ ਉਨ੍ਹਾਂ ਦੱਸਿਆਂ ਕਿ ਹੈਰਾਨੀ ਵਾਲੀ ਗੱਲ ਤਾਂ ਉਦੋਂ ਸਾਹਮਣੇ ਆਈ ਜਦੋਂ 18 ਫਰਵਰੀ ਨੂੰ ਐਤਵਾਰ ਵਾਲੇ ਦਿਨ ਹੀ ਕਾਰਜਸਾਧਕ ਅਫਸਰ ਦੀਨਾਨਗਰ ਵੱਲੋ ਰਾਜਨੀਤਕ ਦਬਾਅ ਹੇਠ ਪੱਤਰਕਾਰ ਡਾ. ਰਮੇਸ਼ ਸਰੰਗਲ ਨੂੰ ਨੋਟਿਸ ਜਾਰੀ ਕਰਕੇ ਉਸਦੀ ਚੱਲਦੀ ਉਸਾਰੀ ਨੂੰ ਤਰੁੰਤ ਰੋਕਣ ਦਾ ਨੋਟਿਸ ਜਾਰੀ ਕਰ ਦਿੱਤਾ ਗਿਆ ਅਤੇ ਨੋਟਿਸ ਰਾਂਹੀ ਧਮਕਾਇਆ ਗਿਆ ਕਿ ਜੇਕਰ ਤੁਸੀਂ ਕੰਮ ਨੂੰ ਨਾ ਰੋਕਿਆ ਤਾਂ ਤੁਹਾਡੀ ਬਣੀ ਬਿਲਡਿੰਗ ਨੂੰ ਜੇਸੀਬੀ ਦੀ ਮਦਦ ਨਾਲ ਢਾਹ ਦਿੱਤਾ ਜਾਵੇਗਾ। ਇਸ ਪੂਰੇ ਮਾਮਲੇ ਚ ਆਪਣੇ ਪੱਤਰਕਾਰ ਸਾਥੀ ਨਾਲ ਹੋ ਰਹੇ ਧੱਕੇ ਨੂੰ ਲੈ ਕੇ ਜਿਲ੍ਹਾ ਗੁਰਦਾਸਪੁਰ ਦੇ ਪੱਤਰਕਾਰ ਭਾਈਚਾਰੇ ਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ। ਜਿਸਦੇ ਚਲਦੇ ਉਨ੍ਹਾਂ ਆਉਣ ਵਾਲੇ ਸਮੇਂ ਚ ਸੱਤਾਧਾਰੀ ਪਾਰਟੀ ਅਤੇ ਜਿਲ੍ਹਾ ਪ੍ਰਸਾਸ਼ਨ ਦੀ ਕਵਰੇਜ ਦਾ ਬਾਈਕਾਟ ਕਰਨ ਬਾਰੇ ਵਿਚਾਰ ਕੀਤਾ ਜਾਵੇਗਾ ।

# ਅਗਾਮੀ ਦੋ ਸਾਲਾਂ ਵਿੱਚ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਖਿਡਾਰੀਆਂ ਨੂੰ ਦੇਵਾਂਗੇ ਹੋਰ 50 ਖੇਡ ਮੈਦਾਨਾਂ ਦੀ ਸੋਗਾਤ- ਹਰਜੋਤ ਬੈਂਸ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 18 ਫਰਵਰੀ (ਦਵਿੰਦਰਪਾਲ ਸਿੰਘ)



ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਖਿਡਾਰੀਆਂ ਨੂੰ ਖੇਡਾਂ ਲਈ ਢੁੱਕਵਾਂ ਵਾਤਾਵਰਣ ਦੇਣ ਲਈ 50 ਹੋਰ ਖੇਡ ਮੈਦਾਨ ਅਗਲੇ ਦੋ ਸਾਲਾਂ ਵਿਚ ਤਿਆਰ ਕਰਕੇ ਲੋਕ ਅਰਪਣ ਕੀਤੇ ਜਾਣਗੇ। ਨੰਗਲੀ, ਜੋਹਲ, ਕਾਹੀਵਾਲ ਤੇ ਭਨਾਮ ਵਿੱਚ ਚਾਰ ਖੇਡ ਮੈਦਾਨ ਤਿਆਰ ਹੋ ਗਏ ਹਨ, ਜਿੱਥੇ ਖਿਡਾਰੀਆਂ ਦੀਆਂ ਰੋਣਕਾਂ ਪਰਤ ਆਈਆਂ ਹਨ। ਪੰਜਾਬ ਦੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੋਜਵਾਨਾਂ ਨੂੰ ਨਸ਼ਿਆ ਤੋਂ ਦੂਰ ਰੱਖਣ ਅਤੇ ਖੇਡ ਮੈਦਾਨਾਂ ਵੱਲ ਲੈ ਜਾਣ ਲਈ ਖੇਡ ਮੈਦਾਨਾਂ ਨੂੰ ਬਣਾਉਣ ਦਾ ਉਪਰਾਲਾ ਕੀਤਾ ਹੈ। ਪਿੰਡਾਂ ਵਿਚ ਇਹ ਖੇਡ ਮੈਦਾਨ ਬਹੁਤ ਹੀ ਅਸਰਦਾਰ ਸਿੱਧ ਹੋ ਰਹੇ ਹਨ, ਜਿੱਥੇ ਪੰਜਾਬ ਦੇ ਅਮੀਰ ਵਿਰਸੇ , ਸੱਭਿਆਚਾਰ ਅਤੇ ਖੇਡਾਂ ਲਈ ਵਾਤਾਵਰਣ ਸੰਜੋਇਆ ਹੈ, ਉੱਥੇ ਬੱਚੇ, ਨੌਜਵਾਨ ਤੇ ਬਜੁਰਗ ਇਨ੍ਹਾਂ ਖੇਡ ਮੈਦਾਨਾਂ ਵਿੱਚ ਆਪਣਾ ਸਮਾਂ ਬਤੀਤ ਕਰਨ ਲੱਗ ਪਏ ਹਨ।

ਸ.ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਤਰ ਰਾਸ਼ਟਰੀ ਮੈਡਲ ਜੇਤੂ ਖਿਡਾਰੀਆਂ ਨੂੰ ਨੌਕਰੀਆਂ ਦਿੱਤੀਆ ਜਾ ਰਹੀਆਂ ਹਨ, ਖੇਡਾਂ ਲਈ ਸਰਕਾਰ ਵੱਲੋ ਵਿਸੇਸ਼ ਬਜਟ ਰੱਖਿਆ ਗਿਆ ਹੈ, ਖਿਡਾਰੀਆਂ ਲਈ ਸੁਹਿਰਦ ਮਾਹੋਲ ਸਿਰਜਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਰਾਹੀ ਅਨੇਕਾ ਸਕੂਲਾਂ ਦੇ ਵਿਦਿਆਰਥੀਆਂ ਗਰਾਊਡਾਂ ਵਿਚ ਆ ਕੇ ਆਪਣਾ ਵਧੀਆ ਪ੍ਰਦਰਸ਼ਨ ਕਰ ਰਹੇ ਹਨ ਅਤੇ ਇਹ ਵਿਦਿਆਰਥੀਆਂ ਸਾਡੇ ਦੇਸ਼ ਦਾ ਆਉਣ ਵਾਲਾ ਭਵਿੱਖ ਹਨ।

# ਸ੍ਰੋਮਣੀ ਅਕਾਲੀ ਦਲ ਕਿਸਾਨਾਂ ਦੇ ਸਮਰਥਨ ਵਿੱਚ ਡਟਿਆ ਰਹੇਗਾ , ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਕੀਤੇ ਜਾ ਰਹੇ ਸਲੂਕ ਦੀ ਨਿਖੇਦੀ: ਬ੍ਰਹਮਪੁਰਾ

ਲੋਕ ਬਾਣੀ

ਜੈਤੋ - :ਸ੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਇੱਕ ਪ੍ਰੈਸ ਬਿਆਨ ਵਿੱਚ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਕੀਤੇ ਜਾ ਰਹੇ ਸਲੂਕ ਦੀ ਸਖਤ ਨਿਖੇਧੀ ਕੀਤੀ ਹੈ ਅਤੇ ਘੱਟੋ-ਘੱਟ ਸਮਰਥਨ ਮੁੱਲ ਦੇ ਮੁੱਦਿਆਂ ਨਾਲ ਨਜਿੱਠਣ ਲਈ ਭਾਜਪਾ ਦੀ ਜੰਮ ਕੇ ਆਲੋਚਨਾ ਕੀਤੀ ਹੈ। ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਭਾਰਤ ਵਿੱਚ ਕਿਸਾਨਾਂ ਦੀ ਮੌਜੂਦਾ ਸਥਿਤੀ ਮਜਾਕ ਉਡਾਉਣ ਦੀ ਬਜਾਏ, ਫੌਰੀ ਧਿਆਨ ਅਤੇ ਸਤਿਕਾਰ ਨਾਲ ਵਿਚਾਰਨ ਦੀ ਮੰਗ ਕਰਦੀ ਹੈ ।ਸ੍ਰ. ਬ੍ਰਹਮਪੁਰਾ ਨੇ ਕਿਸਾਨਾਂ ਨੂੰ ਦਰਪੇਸ ਚੁਣੌਤੀਆਂ, ਖਾਸ ਤੌਰ 'ਤੇ ਹਾਲ ਹੀ ਦੇ ਵਿਵਾਦਗ੍ਰਸਤ ਖੇਤੀਬਾੜੀ ਕਾਨੂੰਨਾਂ ਦੀ ਰੌਸਨੀ ਵਿੱਚ ਕੇਂਦਰ ਸਰਕਾਰ ਦੀ ਜੋਰਦਾਰ ਲੋੜ 'ਤੇ ਜੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਡੇ ਕਿਸਾਨਾਂ ਦੀ ਰੋਜੀ-ਰੋਟੀ ਅਤੇ ਭਲਾਈ 'ਤੇ ਇਨ੍ਹਾਂ ਕਾਨੂੰਨਾਂ ਦੇ ਪ੍ਰਭਾਵ ਨੂੰ ਨਜਰਅੰਦਾਜ ਨਹੀਂ ਕੀਤਾ ਜਾ ਸਕਦਾ ਹੈ। ਇਹ ਲਾਜਮੀ ਹੈ ਕਿ ਸਾਡੇ ਕਿਸਾਨਾਂ ਦੀਆਂ ਮੁਸਕਲਾਂ ਸੁਣੀਆਂ ਜਾਣ ਅਤੇ ਉਨ੍ਹਾਂ ਨੂੰ ਇਮਾਨਦਾਰੀ ਅਤੇ ਹਮਦਰਦੀ ਨਾਲ ਹੱਲ ਕੀਤਾ ਜਾਵੇ। ਇਸ ਤੋਂ ਇਲਾਵਾ, ਸ੍ਰ. ਬ੍ਰਹਮਪੁਰਾ ਨੇ ਕਿਸਾਨਾਂ ਦੇ ਹੱਕਾਂ ਅਤੇ ਹਿੱਤਾਂ ਦੀ ਰਾਖੀ ਲਈ ਸ੍ਰੋਮਣੀ ਅਕਾਲੀ ਦਲ ਦੀ ਅਟੁੱਟ ਵਚਨਬੱਧਤਾ ਦੀ ਸਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ੍ਰੋਮਣੀ ਅਕਾਲੀ ਦਲ ਸਾਡੇ ਕਿਸਾਨਾਂ ਦੇ ਹੱਕਾਂ ਅਤੇ ਨਿਰਪੱਖ ਵਿਵਹਾਰ ਦੀ ਵਕਾਲਤ ਕਰਦਾ ਹੋਇਆ ਸਾਡੇ ਕਿਸਾਨਾਂ ਨਾਲ ਮਜਬੂਤੀ ਨਾਲ ਖੜ੍ਹਾ ਹੈ। ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਇਹ ਯਕੀਨੀ ਬਣਾਉਣ ਲਈ ਸਮਰਪਿਤ ਹੈ ਕਿ ਕਿਸਾਨਾਂ ਨੂੰ ਉਹ ਸਮਰਥਨ ਅਤੇ ਸੁਰੱਖਿਆ ਮਿਲੇ ਜਿਸ ਦੇ ਉਹ ਹੱਕਦਾਰ ਹਨ। ਜਿਵੇਂ ਕਿ ਕਿਸਾਨ ਭਾਈਚਾਰਾ ਸਾਡੇ ਰਾਸਟਰ ਦੀ ਤਾਕਤ ਅਤੇ ਖੁਸਹਾਲੀ ਦੇ ਥੰਮ ਹਨ। ਐਮ.ਐਸ.ਪੀ.ਦੇ ਗੰਭੀਰ ਮੁੱਦੇ ਨੂੰ ਸੰਬੋਧਿਤ ਕਰਦੇ ਹੋਏ, ਸ੍ਰ. ਬ੍ਰਹਮਪੁਰਾ ਨੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਇੱਕ ਵਿਆਪਕ ਅਤੇ ਪ੍ਰਭਾਵੀ ਵਿਧੀ ਦੀ ਲੋੜ 'ਤੇ ਜੋਰ ਦਿੱਤਾ। ਉਨ੍ਹਾਂ ਕਿਹਾ ਕਿ ਐਮਐਸਪੀ ਦੀ ਕਾਨੂੰਨੀ ਗਾਰੰਟੀ ਦੀ ਮੰਗ ਇਹ ਯਕੀਨੀ ਬਣਾਉਣ ਲਈ ਇੱਕ ਬੁਨਿਆਦੀ ਲੋੜ ਹੈ ਕਿ ਸਾਡੇ ਕਿਸਾਨਾਂ ਦਾ ਮਖੌਲ ਅਤੇ ਅਨਿਸਚਿਤਤਾ ਨਾ ਪੈਦਾ ਕੀਤੀ ਜਾਵੇ। ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਕਿਸਾਨਾਂ ਦੀਆਂ ਜਾਇਜ ਮੰਗਾਂ ਵੱਲ ਧਿਆਨ ਦੇਣਾ ਚਾਹੀਦਾ ਹੈ ਅਤੇ ਕਿਸਾਨਾਂ ਲਈ ਇੱਕ ਮਹੱਤਵਪੂਰਨ ਸੁਰੱਖਿਆ ਵਜੋਂ ਐਮਐਸਪੀ ਦੀ ਮਹੱਤਤਾ ਨੂੰ ਬਰਕਰਾਰ ਰੱਖਣ ਲਈ ਨਿਰਣਾਇਕ ਕਦਮ ਚੁੱਕਣੇ ਚਾਹੀਦੇ ਹਨ ।ਸ੍ਰ. ਬ੍ਰਹਮਪੁਰਾ ਨੇ ਅੰਤ ਵਿੱਚ ਕਿਸਾਨਾਂ ਦੀ ਭਲਾਈ ਅਤੇ ਅਧਿਕਾਰਾਂ ਦੀ ਵਕਾਲਤ ਕਰਦੇ ਆਪਣੇ ਦ੍ਰਿੜ ਇਰਾਦੇ ਨੂੰ ਦੁਹਰਾਇਆ, ਕਿਹਾ ਕਿ ਕੇਂਦਰ ਸਰਕਾਰ ਵੱਲੋਂ ਹਮਦਰਦੀ ਅਤੇ ਵਿਚਾਰਸੀਲ ਨੀਤੀਆਂ 'ਤੇ ਜੋਰ ਦੇਣ ਦੀ ਲੋੜ ਹੈ।



ਅਸੀਂ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਉਹ ਸਾਡੇ ਕਿਸਾਨਾਂ ਦੀ ਭਲਾਈ ਨੂੰ ਪਹਿਲ ਦੇਵੇ ਅਤੇ ਉਹਨਾਂ ਨੂੰ ਦਰਪੇਸ ਚੁਣੌਤੀਆਂ ਨੂੰ ਹੱਲ ਕਰਨ ਲਈ ਸਾਰਥਕ ਗੱਲਬਾਤ ਵਿੱਚ ਸਾਮਲ ਹੋਵੇ। ਸ੍ਰ. ਬ੍ਰਹਮਪੁਰਾ ਨੇ ਸਿੱਟਾ ਕੱਢਿਆ ਕਿ ਇਹ ਲਾਜਮੀ ਹੈ ਕਿ ਸਾਡੇ ਕਿਸਾਨਾਂ ਦੀ ਆਵਾਜ ਦਾ ਸਤਿਕਾਰ ਕੀਤਾ ਜਾਵੇ ਅਤੇ ਉਨ੍ਹਾਂ ਦੀਆਂ ਮੰਗਾਂ 'ਤੇ ਪੂਰਾ ਧਿਆਨ ਦਿੱਤਾ ਜਾਵੇ।

# ਭਾਜਪਾ ਲੀਡਰਾਂ ਦੇ ਘਰਾਂ ਅੱਗੇ ਧਰਨੇ ਰਹਿਣਗੇ ਜਾਰੀ,ਟੋਲ ਪਲਾਜੇ ਰਹਿਣਗੇ ਪਰਚੀ ਮੁਕਤ :- ਕਿਸਾਨ ਆਗੂ ਸਿੰਗਾਰਾ ਸਿੰਘ ਮਾਨ

ਲੋਕ ਬਾਣੀ

ਬਠਿੰਡਾ:- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਨਥਾਣਾ ਅਤੇ ਰਾਮਪੁਰਾ ਵੱਲੋਂ ਬਠਿੰਡਾ ਚੰਡੀਗੜ੍ਹ ਕੌਮੀ ਮਾਰਗ ਤੇ ਸਥਿਤ ਲਹਿਰਾ ਬੇਗਾ ਟੋਲ ਪਲਾਜਾ ਲਗਾਤਾਰ ਦੂਜੇ ਦਿਨ ਵੀ ਧਰਨਾ ਜਾਰੀ ਰਿਹਾ। ਇਸ ਮੌਕੇ ਸੂਬਾ ਸਕੱਤਰ ਸਿੰਗਾਰਾ ਸਿੰਘ ਮਾਨ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ 17 ਫਰਵਰੀ ਤੋਂ ਲੈਕੇ ਪੰਜਾਬ ਵਿੱਚ ਭਾਜਪਾ ਦੇ ਤਿੰਨ ਵੱਡੇ ਆਗੂ ਪੰਜਾਬ ਪ੍ਰਧਾਨ ਸੁਨੀਲ ਜਾਖੜ, ਕੈਪਟਨ ਅਮਰਿੰਦਰ ਸਿੰਘ ਅਤੇ ਕੇਵਲ ਸਿੰਘ ਢਿੱਲੋਂ ਦੇ ਘਰਾਂ ਅੱਗੇ ਧਰਨੇ ਜਾਰੀ ਹਨ ਅਤੇ ਪੰਜਾਬ ਦੇ ਟੋਲ ਪਲਾਜੇ ਪਰਚੀ ਮੁਕਤ ਕੀਤੇ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਸੰਭੂ ਅਤੇ ਖਨੌਰੀ ਬਾਰਡਰ ਤੇ ਮੋਰਚਾ ਲਾ ਰਹੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਅਤੇ ਸੰਘਰਸੀ ਲੋਕਾਂ ਨੂੰ ਡਟੇ ਰਹੋ ਅਸੀਂ ਤੁਹਾਡੇ ਮੋਢੇ ਨਾਲ ਮੋਢਾ ਲਾ ਕੇ ਤਾਲ ਮੇਲ ਸੰਘਰਸ ਜਾਰੀ ਰੱਖਾਂਗੇ।



ਇਸ ਤੋਂ ਇਲਾਵਾ ਉਨ੍ਹਾਂ ਨੇ ਆਉਣ ਵਾਲੇ ਦਿਨਾਂ ਲਈ ਨਵਾਂ ਐਲਾਨ ਕੀਤਾ ਕਿ ਜਿਸ ਤਰ੍ਹਾਂ ਪਹਿਲਾਂ ਧਰਨੇ ਭਾਜਪਾ ਆਗੂਆਂ ਦੇ ਘਰਾਂ ਅੱਗੇ ਅਤੇ ਟੋਲ ਪਲਾਜਿਆ ਤੇ ਚੱਲ ਰਹੇ ਹਨ, ਉਸੇ ਤਰ੍ਹਾਂ ਹੀ ਅੱਗੇ ਵੀ ਦਿਨ ਰਾਤ ਜਾਰੀ ਰਹਿਣਗੇ। ਉਨ੍ਹਾਂ ਨੇ ਸੰਘਰਸਸੀਲ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਸਮੇਂ ਵਿੱਚੋਂ ਸਮਾਂ ਕੱਢ ਕੇ ਇਹਨਾਂ ਮੋਰਚਿਆਂ ਵਿੱਚ ਵੱਧ ਤੋਂ ਵੱਧ ਸਮੂਲੀਅਤ ਕੀਤੀ ਜਾਵੇ। ਇਸ ਤੋਂ ਇਲਾਵਾ ਰਾਮਪੁਰਾ ਬਲਾਕ ਦੇ ਸੁਖਦੇਵ ਸਿੰਘ ਜਵੰਦਾ, ਮਾਸਟਰ ਨਛੱਤਰ ਸਿੰਘ, ਮਾਸਟਰ ਬਾਬੂ ਸਿੰਘ, ਬਲਦੇਵ ਸਿੰਘ ਚਾਉਕੇ ਅਤੇ ਬਲਾਕ ਨਥਾਣਾ ਤੋਂ ਬਲਜੀਤ ਸਿੰਘ ਪੂਹਲਾ, ਕਰਮਜੀਤ ਕੌਰ ਲਹਿਰਾ, ਸੁਖਜੀਤ ਕੌਰ ਚੱਕ, ਬਚਿੱਤਰ ਸਿੰਘ ਬੇਗਾ ਅਤੇ ਬਲਤੇਜ ਸਿੰਘ ਚੱਕ ਨੇ ਵੀ ਸੰਬੋਧਨ ਕੀਤਾ ਅਤੇ ਸਟੇਜ ਦੀ ਕਾਰਵਾਈ ਪਵਨ ਕੁਮਾਰ ਕੋਟੜਾ ਵੱਲੋਂ ਚਲਾਈ ਗਈ। ਅੱਜ ਦੇ ਇਸ ਧਰਨੇ ਵਿੱਚ ਕਿਸਾਨਾ, ਮਜਦੂਰਾਂ ਅਤੇ ਔਰਤਾਂ ਨੇ ਵੱਡੀ ਗਿਣਤੀ ਵਿੱਚ ਸਾਮਿਲ ਹੋ ਕੇ ਕੇਂਦਰ ਅਤੇ ਹਰਿਆਣਾ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜੀ ਕੀਤੀ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com